**ਅੱਜ ਦਾ ਸ਼ੁਭ ਵਿਚਾਰ**



ਆਪਣਿਆਂ ਦੀਆਂ ਖੁਸ਼ੀਆਂ ਲਈ ਖੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

ਅਮਨਦੀਪ ਮਹਿਰਾ

ਰੋਜ਼ਾਨਾ ਲੋਕ ਬਾਣੀ

www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 24 ਜਨਵਰੀ 2025

Email:- lokbani08@gmail.com



TOURIST VISA USA CANADA

SCHENGEN/ UK AUSTRALIA/ NZ

5057 VISA

ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ

easyvisa 87250 17772



R. N. I. Punpun/29016/2008 ✶ ਸਾਲ 16 , ✶ ਅੰਕ : 223, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111



TOURIST VISA USA CANADA


SCHENGEN/ UK AUSTRALIA/ NZ

5057 VISA

ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ

easyvisa | 87250 17772



## ਜੰਗਲੀ ਅੱਗ 9,400 ਏਕੜ ਤੱਕ ਫੈਲੀ



**ਕੈਲੀਫੋਰਨੀਆ ਲੋਕ ਬਾਣੀ–** ਲਾਸ ਏਂਜਲਸ ਦੇ ਉੱਤਰ ਵਿੱਚ ਬੁੱਧਵਾਰ ਨੂੰ ਫੈਲੀ ਇੱਕ ਨਵੀਂ ਜੰਗਲੀ ਅੱਗ ਤੇਜ਼ੀ ਨਾਲ 9,400 ਏਕੜ (38 ਵਰਗ ਕਿਲੋਮੀਟਰ) ਤੋਂ ਵੱਧ ਵਿੱਚ ਫੈਲ ਗਈ, ਜਿਸ ਕਾਰਨ 31,000 ਤੋਂ ਵੱਧ ਲੋਕਾਂ ਨੂੰ ਲਾਜ਼ਮੀ ਨਿਕਾਸੀ ਦੇ ਆਦੇਸ਼ ਜਾਰੀ ਕੀਤੇ ਗਏ।

ਬੁੱਧਵਾਰ ਨੂੰ ਕੁਝ ਹੀ ਘੰਟਿਆਂ ਵਿੱਚ ਨਵੀਂ ਅੱਗ ਈਟਨ ਫਾਇਰ ਦੇ ਆਕਾਰ ਦੇ ਦੋ-ਤਿਹਾਈ ਤੱਕ ਵਧ ਗਈ, ਜੋ ਕਿ ਲਾਸ ਏਂਜਲਸ ਖੇਤਰ ਨੂੰ ਤਬਾਹ ਕਰਨ ਵਾਲੇ ਦੋ ਵੱਡੀਆਂ ਅੱਗਾਂ ਵਿੱਚੋਂ ਇੱਕ ਹੈ। ਅਧਿਕਾਰੀਆਂ ਨੇ ਲਾਸ ਏਂਜਲਸ ਕਾਊਂਟੀ ਦੇ ਕੈਸਟੈਕ ਝੀਲ ਖੇਤਰ ਵਿੱਚ ਲੋਕਾਂ ਲਈ ਚੇਤਾਵਨੀ ਜਾਰੀ ਕੀਤੀ, ਜਦੋਂ ਕਿ ਦੱਖਣੀ ਕੈਲੀਫੋਰਨੀਆ ਦਾ ਬਹੁਤਾ ਹਿੱਸਾ ਤੇਜ਼, ਖੁਸ਼ਕ ਹਵਾਵਾਂ ਕਾਰਨ ਬਹੁਤ ਜ਼ਿਆਦਾ ਅੱਗ ਦੇ ਜੋਖਮ ਲਈ ਰੈੱਡ ਅਲਰਟ ਅਧੀਨ ਰਿਹਾ।

## ਚਾਰ ਦਿਨਾਂ 'ਚ ਉਹ ਕੰਮ ਕੀਤੇ, ਜੋ ਹੋਰ ਸਰਕਾਰਾਂ ਚਾਰ ਸਾਲਾਂ 'ਚ ਨਹੀਂ ਕਰ ਸਕੀਆਂ: ਟਰੰਪ





**ਦਾਵੋਸ, ਵਿਨੋਦ ਸ਼ਰਮਾ-** ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਅੱਜ ਕਿਹਾ ਕਿ ਉਨ੍ਹਾਂ ਦੇ ਦੂਜੇ ਕਾਰਜਕਾਲ ਨਾਲ ਅਮਰੀਕਾ ਦਾ ਸੁਨਹਿਰੀ ਯੁੱਗ ਸ਼ੁਰੂ ਹੋ ਗਿਆ ਹੈ ਅਤੇ ਪੂਰੀ ਦੁਨੀਆ ਜਲਦੀ ਹੀ ਸ਼ਾਂਤੀਪੂਰਨ ਅਤੇ ਖੁਸ਼ਹਾਲ ਹੋਵੇਗੀ। ਟਰੰਪ ਨੇ ਕਿਹਾ ਕਿ ਉਹ ਸਾਊਦੀ ਅਰਬ ਅਤੇ ਓਪੇਕ ਨੂੰ ਤੇਲ ਕੀਮਤਾਂ ਘਟਾਉਣ ਲਈ ਕਹਿਣਗੇ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਜੇ ਕੀਮਤਾਂ ਘਟਦੀਆਂ ਹਨ ਤਾਂ ਰੂਸ-ਯੂਕਰੇਨ ਜੰਗ ਫੌਰੀ ਖ਼ਤਮ ਹੋ ਜਾਵੇਗੀ। ਵੀਡੀਓ ਕਾਨਫਰੰਸਿੰਗ ਜ਼ਰੀਏ ਵਿਸ਼ਵ ਆਰਥਿਕ ਫੋਰਮ ਦੀ ਸਾਲਾਨਾ ਮੀਟਿੰਗ ਨੂੰ ਸੰਬੋਧਨ ਕਰਦਿਆਂ ਟਰੰਪ ਨੇ ਕਿਹਾ ਕਿ ਉਨ੍ਹਾਂ ਦੇ ਪ੍ਰਸ਼ਾਸਨ ਨੇ ਚਾਰ ਦਿਨਾਂ ਵਿੱਚ ਉਹ ਕੰਮ ਪੂਰਾ ਕਰ ਲਿਆ ਹੈ ਜੋ ਚਾਰ ਸਾਲਾਂ ਵਿੱਚ ਹੋਰ ਸਰਕਾਰਾਂ ਨਹੀਂ ਕਰ ਸਕੀਆਂ।

## ਕਾਰ ਸਵਾਰਾਂ ਨੇ ਵਕੀਲ ਤੇ ਚਲਾਈਆਂ ਗੋਲੀਆਂ




**ਬਠਿੰਡਾ, ਲੋਕ ਬਾਣੀ-** -ਬਠਿੰਡਾ ਦੇ ਗੋਨਿਆਣਾ ਰੋਡ ਤੇ ਅਣਪਛਾਤੇ ਕਾਰ ਸਵਾਰਾਂ ਵਲੋਂ ਇਕ ਵਕੀਲ ਤੇ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਵਕੀਲ ਦੀ ਪਛਾਣ ਯਸ਼ ਵਜੋਂ ਹੋਈ ਹੈ, ਜਿਸ ਨੂੰ ਗੋਲੀਆਂ ਲੱਗਣ ਤੋਂ ਬਾਅਦ ਜ਼ਖਮੀ ਹੋਣ ਕਰਕੇ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ। ਬਠਿੰਡਾ ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਹ ਘਟਨਾ ਬਠਿੰਡਾ ਪੁੱਜੇ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਦੇ ਚਲੇ ਜਾਣ ਦੇ ਕੁਝ ਸਮੇਂ ਬਾਅਦ ਵਾਪਰੀ ਹੈ, ਜਦਕਿ ਡੀ.ਜੀ.ਪੀ. ਦੀ ਆਮਦ ਨੂੰ ਲੈ ਕੇ ਪੁਲਿਸ ਸ਼ਹਿਰ ਦੇ ਕੋਨੇ-ਕੋਨੇ ਤੇ ਤਾਇਨਾਤ ਸੀ।

## ਜਦੋਂ ਫਾਰੂਕ ਅਬਦੁੱਲਾ ਨੇ ਕੱਟੜਾ 'ਚ 'ਤੂਨੇ ਮੁਝੇ ਬੁਲਾਇਆ ਸ਼ੇਰਾਂਵਾਲੀਏ' ਭਜਨ ਗਾ ਕੇ ਸ਼ਰਧਾਲੂਆਂ ਨੂੰ ਹੈਰਾਨ ਕੀਤਾ



**ਜੰਮੂ, ਲੋਕ ਬਾਣੀ-** ਜੰਮੂ ਅਤੇ ਕਸ਼ਮੀਰ ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਬਦੁੱਲਾ ਨੇ ਅੱਜ ਮਾਤਾ ਸ਼ੇਰਾਂਵਾਲੀ ਨੂੰ ਸਮਰਪਿਤ ਇਕ ਭਜਨ ਗਾ ਕੇ ਸ਼ਰਧਾਲੂਆਂ ਨੂੰ ਹੈਰਾਨ ਕਰ ਦਿੱਤਾ। ਉਨ੍ਹਾਂ ਦਾ ਭਜਨ ਗਾਉਂਦਿਆਂ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ ਹੈ। ਫਾਰੂਕ ਅਬਦੁੱਲਾ ਨੇ ਕਟੜਾ ਦੇ ਇੱਕ ਆਸ਼ਰਮ ਵਿੱਚ ਭਜਨ ਪ੍ਰੋਗਰਾਮ ਦੌਰਾਨ ਗਾਇਕਾਂ ਅਤੇ ਬੱਚਿਆਂ ਦੇ ਨਾਲ ਮਿਲ ਕੇ "ਤੂਨੇ ਮੁਝੇ ਬੁਲਾਇਆ ਸ਼ੇਰਾਂਵਾਲੀਏ, ਮੈਂ ਆਇਆ, ਮੈਂ ਆਇਆ ਸ਼ੇਰਾਂਵਾਲੀਏ ਭਜਨ ਗਾਇਆ।

## ਕੇਜਰੀਵਾਲ ਦੀ ਸੁਰੱਖਿਆ ਡਿਊਟੀ 'ਚ ਤਾਇਨਾਤ ਪੰਜਾਬ ਪੁਲੀਸ ਦਾ ਅਮਲਾ ਹਟਾਇਆ



**ਚੰਡੀਗੜ੍ਹ, ਲੋਕ ਬਾਣੀ** -ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੁਰੱਖਿਆ ਵਿਚ ਲੱਗੇ ਪੰਜਾਬ ਪੁਲੀਸ ਦੇ ਅਮਲੇ ਨੂੰ ਹਟਾ ਦਿੱਤਾ ਗਿਆ ਹੈ। ਪੰਜਾਬ ਪੁਲੀਸ ਦੇ ਡੀਜੀਪੀ ਗੌਰਵ ਯਾਦਵ ਨੇ ਪਟਿਆਲਾ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ, "ਮੁੱਖ ਮੰਤਰੀ ਭਗਵੰਤ ਮਾਨ ਤੇ ਅਰਵਿੰਦ ਕੇਜਰੀਵਾਲ ਨੂੰ ਦਰਪੇਸ਼ ਖ਼ਤਰਿਆਂ ਬਾਰੇ ਸਾਨੂੰ ਸਮੇਂ ਸਮੇਂ 'ਤੇ ਰਿਪੋਰਟਾਂ ਮਿਲਦੀਆਂ ਹਨ ਤੇ ਅਸੀਂ ਇਸ ਨੂੰ ਅੱਗੇ ਸਬੰਧਤ ਏਜੰਸੀਆਂ ਨਾਲ ਸਾਂਝਾ ਕਰਦੇ ਹਾਂ। ਦਿੱਲੀ ਪੁਲੀਸ ਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਅਸੀਂ ਕੇਜਰੀਵਾਲ ਜੀ ਦੀ ਸੁਰੱਖਿਆ ਵਿਚ ਤਾਇਨਾਤ ਪੰਜਾਬ ਪੁਲੀਸ ਦੇ ਮੁਲਾਜ਼ਮਾਂ ਨੂੰ ਹਟਾ ਦਿੱਤਾ ਹੈ।

## ਮਾਨਸਾ ਦਾ 'ਅਗਨੀਵੀਰ' ਜੰਮੂ ਕਸ਼ਮੀਰ ਵਿਚ ਹੋਇਆ ਸ਼ਹੀਦ




**ਮਾਨਸਾ ਵਿਨੋਦ ਸ਼ਰਮਾ-** ਮਾਨਸਾ ਜ਼ਿਲ੍ਹੇ ਦੇ ਪਿੰਡ ਅਕਲੀਆ ਦਾ ਨੌਜਵਾਨ ਅਗਨੀਵੀਰ ਲਵਪ੍ਰੀਤ ਸਿੰਘ (24) ਡਿਊਟੀ ਦੌਰਾਨ ਸ਼ਹੀਦ ਹੋ ਗਿਆ ਹੈ। ਇਹ ਨੌਜਵਾਨ ਦੋ ਸਾਲ ਪਹਿਲਾਂ ਹੀ ਫੌਜ ਵਿੱਚ ਭਰਤੀ ਹੋਇਆ ਸੀ ਅਤੇ ਹੁਣ ਜੰਮੂ ਕਸ਼ਮੀਰ ਦੇ ਜ਼ਿਲ੍ਹਾ ਕੁਪਵਾੜਾ ਵਿਚ ਰਾਸ਼ਟਰੀ ਰਾਈਫ਼ਲਜ਼ ਵਿੱਚ ਡਿਊਟੀ ਕਰ ਰਿਹਾ ਸੀ। ਜਾਣਕਾਰੀ ਅਨੁਸਾਰ ਕੁੱਪਵਾੜਾ ਵਿੱਚ ਦਹਿਸ਼ਤਗਰਦਾਂ ਨਾਲ ਮੁਕਾਬਲੇ ਦੌਰਾਨ ਸਿਰ 'ਤੇ ਗੋਲੀ ਲੱਗਣ ਕਾਰਨ ਲਵਪ੍ਰੀਤ ਸ਼ਹੀਦ ਹੋ ਗਿਆ ਹੈ।

## ਅੰਮ੍ਰਿਤਸਰ ਵਿਖੇ ਨਸ਼ੀਲੇ ਪਦਾਰਥਾਂ ਨੂੰ ਸਾੜਨ ਸਮੇਂ ਝੁਲਸੇ 2 ਪੁਲਿਸ ਮੁਲਾਜ਼ਮਾਂ ਦੀ ਹਾਲਤ ਸਥਿਰ



**ਅੰਮ੍ਰਿਤਸਰ, ਲੋਕ ਬਾਣੀ** --ਅੰਮ੍ਰਿਤਸਰ ਵਿਖੇ ਪੁਲਿਸ ਮੁਲਾਜ਼ਮਾਂ ਨਾਲ ਦਰਦਨਾਕ ਹਾਦਸਾ ਵਾਪਰਿਆ। ਖੰਨਾ ਪੁਲਿਸ ਦੇ 2 ਪੁਲਿਸ ਮੁਲਾਜ਼ਮ ਬੁਰੀ ਤਰ੍ਹਾਂ ਝੁਲਸ ਗਏ ਤੇ ਖੰਨਾ ਪੇਪਰ ਮਿੱਲ ਵਿਚ ਨਸ਼ੀਲੇ ਪਦਾਰਥਾਂ ਨੂੰ ਅਗਨ ਭੇਂਟ ਕੀਤੇ ਜਾਣ ਦੌਰਾਨ ਹਾਦਸਾ ਵਾਪਰਿਆ। ਅੰਮ੍ਰਿਤਸਰ ਦੇ ਨਿੱਜੀ ਹਸਪਤਾਲ ਵਿਚ ਗੰਭੀਰ ਹਾਲਤ ਵਿਚ ਇਨ੍ਹਾਂ ਨੂੰ ਦਾਖਿਲ ਕਰਵਾਇਆ ਗਿਆ। ਦੋਵਾਂ ਦੀ ਹਾਲਤ ਸਥਿਰ ਹੈ। ਜ਼ਖਮੀਆਂ ਵਿਚ ਡੀ.ਐਸ.ਪੀ. ਸੁਖ ਅੰਮ੍ਰਿਤ ਅਤੇ ਐਸ.ਪੀ. ਤਰੁਣ ਰਤਨ ਸ਼ਾਮਿਲ ਹੈ।

## ਚੈੱਕ ਬਾਊਂਸ ਮਾਮਲੇ ਵਿਚ ਮਸ਼ਹੂਰ ਫਿਲਮ ਨਿਰਮਾਤਾ ਰਾਮ ਗੋਪਾਲ ਵਰਮਾ ਨੂੰ 3 ਮਹੀਨੇ ਦੀ ਕੈਦ



**ਮੁੰਬਈ , ਲੋਕ ਬਾਣੀ-** ਮਸ਼ਹੂਰ ਫਿਲਮ ਨਿਰਮਾਤਾ ਰਾਮ ਗੋਪਾਲ ਵਰਮਾ ਨੂੰ ਮੁੰਬਈ ਦੀ ਅਦਾਲਤ ਨੇ ਲੰਬੇ ਸਮੇਂ ਤੋਂ ਚੱਲ ਰਹੇ ਚੈੱਕ ਬਾਊਂਸ ਮਾਮਲੇ ਵਿਚ ਤਿੰਨ ਮਹੀਨੇ ਦੀ ਜੇਲ੍ਹ ਦੀ ਸਜ਼ਾ ਸੁਣਾਈ ਹੈ। ਇਸ ਅਦਾਲਤੀ ਫ਼ੈਸਲੇ ਨਾਲ ਕਈ ਸਾਲਾਂ ਤੋਂ ਚੱਲ ਰਹੀ ਕਾਨੂੰਨੀ ਲੜਾਈ ਦਾ ਅੰਤ ਹੋ ਗਿਆ। ਉਨ੍ਹਾਂ ਦੇ ਖਿਲਾਫ਼ ਗ਼ੈਰ-ਜ਼ਮਾਨਤੀ ਵਾਰੰਟ ਵੀ ਜਾਰੀ ਕੀਤਾ ਗਿਆ ਹੈ। ਅੰਧੇਰੀ ਮੈਜਿਸਟ੍ਰੇਟ ਕੋਰਟ ਨੇ ਚੈੱਕ ਬਾਊਂਸ ਮਾਮਲੇ ਵਿਚ ਫ਼ੈਸਲਾ ਸੁਣਾਉਣ ਲਈ 21 ਜਨਵਰੀ ਦੀ ਤਰੀਕ ਤੈਅ ਕੀਤੀ , ਜਿਹੜੀ ਫਿਲਮ ਨਿਰਮਾਤਾ ਵੱਲੋਂ ਅਗਲੀ ਫਿਲਮ ਸਿੰਡੀਕੇਟ ਦੇ ਐਲਾਨ ਕਰਨ ਤੋਂ ਇਕ ਦਿਨ ਪਹਿਲਾਂ ਦੀ ਗੱਲ ਹੈ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਪਾਕਿਸਤਾਨ ਹਾਕੀ ਦੇ ਦਿੱਗਜ਼ ਓਲੰਪੀਅਨਾਂ ਵੱਲੋਂ 'ਪੰਜ-ਆਬ ਦੇ ਸ਼ਾਹ ਅਸਵਾਰ' ਰਿਲੀਜ਼

ਲਾਹੌਰ, (ਲੋਕ ਬਾਣੀ)- ਪਾਕਿਸਤਾਨ ਹਾਕੀ ਦੇ ਦਿੱਗਜ਼ ਓਲੰਪੀਅਨਾਂ ਵੱਲੋਂ ਖੇਡ ਲੇਖਕ ਨਵਦੀਪ ਸਿੰਘ ਗਿੱਲ ਵੱਲੋਂ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਖਿਡਾਰੀਆਂ ਲਿਖੀ ਨਵੀਂ ਪੁਸਤਕ 'ਪੰਜ-ਆਬ ਦੇ ਸ਼ਾਹ ਅਸਵਾਰ' ਨੂੰ ਰਿਲੀਜ਼ ਕੀਤਾ ਗਿਆ। ਯੂਨੀਵਰਸਿਟੀ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਯੂ.ਐਮ.ਟੀ.) ਲਾਹੌਰ ਵਿਖੇ ਹੋਏ ਇਸ ਸਮਾਰੋਹ ਦੌਰਾਨ ਪੁਸਤਕ ਉੱਪਰ ਹੋਈ ਭਰਵੀਂ ਚਰਚਾ ਹੋਈ।

ਯੂ.ਐਮ.ਟੀ. ਦੇ ਡਾਇਰੈਕਟਰ ਤੇ ਸਾਬਕਾ ਹਾਕੀ ਖਿਡਾਰੀ ਆਬਿਦ ਸ਼ੇਰਵਾਨੀ ਦੇ ਸੱਦੇ ਉੱਪਰ ਹੋਏ ਇਸ ਸਮਾਰੋਹ ਦੌਰਾਨ ਪਾਕਿਸਤਾਨ ਦੇ ਹਾਕੀ ਓਲੰਪਿਕਸ ਗੋਲਡ ਮੈਡਲਿਸਟ ਤੌਕੀਰ ਦਾਰ, ਵਿਸ਼ਵ ਕੱਪ ਵਿਜੇਤਾ ਤੇ ਓਲੰਪਿਕਸ ਵਿੱਚ ਕਾਂਸੀ ਦਾ ਤਮਗ਼ਾ ਜੇਤੂ ਖਿਡਾਰੀ ਤੇ ਸਾਬਕਾ ਹਾਕੀ ਕੋਚ ਤਾਹਿਰ ਜਮਾਂ, ਓਲੰਪੀਅਨ ਰੇਹਾਨ ਬੱਟ, ਏਸ਼ੀਅਨ ਹਾਕੀ ਫੈਡਰੇਸ਼ਨ ਦੇ ਕਾਰਜਕਾਰੀ ਨਿਰਦੇਸ਼ਕ ਤੇ ਸਾਬਕਾ ਹਾਕੀ ਖਿਡਾਰੀ ਗੁਲਾਮ ਗੋਸ਼ ਅਤੇ ਸਾਬਕਾ ਕੌਮੀ ਅਥਲੈਟਿਕਸ ਕੋਚ ਅਤੇ ਮਹਾਨ ਅਥਲੀਟ ਅਬਦੁਲ ਖਾਲਿਕ ਦੇ ਬੇਟੇ ਮੁਹੰਮਦ ਇਜ਼ਾਜ ਨੇ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਖਿਡਾਰੀਆਂ ਦੀ ਇਸ ਸਾਂਝੀ ਕਿਤਾਬ ਦਾ ਸਵਾਗਤ ਕਰਦਿਆਂ ਇਸ ਨੂੰ ਵੱਡਾ ਉਪਰਾਲਾ ਦੱਸਿਆ। ਕਿਤਾਬ ਰਿਲੀਜ਼ ਦੀ ਰਸਮ ਨਿਭਾਉਣ ਵਾਲਿਆ ਵਿੱਚ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਸਾਬਕਾ ਆਈ.ਏ.ਐਸ. ਤੇ ਕੌਮਾਂਤਰੀ ਸਾਈਕਲਿਸਟ ਅੰਮ੍ਰਿਤ ਕੌਰ ਗਿੱਲ, ਸਾਬਕਾ ਆਈ.ਪੀ.ਐਸ. ਅਧਿਕਾਰੀ ਤੇ ਲੇਖਕ ਗੁਰਪ੍ਰੀਤ ਸਿੰਘ ਤੂਰ, ਵਿਸ਼ਵ ਪੰਜਾਬੀ ਸਭਾ ਦੇ ਸਰਪ੍ਰਸਤ ਇੰਦਰਜੀਤ ਸਿੰਘ ਬੱਲ ਟੋਰੰਟੋ ਤੇ ਮਲਟੀ ਨੈਸ਼ਨਲ ਕੰਪਨੀ ਦੇ ਚੀਫ਼ ਇੰਜਨੀਅਰ ਗੁਰਭਜਨ ਸਿੰਘ ਗਿੱਲ ਵੀ ਸ਼ਾਮਲ ਸਨ।



ਓਲੰਪੀਅਨ ਹਾਕੀ ਖਿਡਾਰੀ ਤੌਕੀਰ ਦਾਰ ਨੇ ਕਿਹਾ ਕਿ ਖੇਡਾਂ ਦੋ ਦੇਸ਼ਾਂ ਨੂੰ ਜੋੜਨ ਲਈ ਪੁਲ ਦਾ ਕੰਮ ਕਰਦੀਆਂ ਹਨ। ਉਨ੍ਹਾਂ ਭਾਰਤੀ ਹਾਕੀ ਖਿਡਾਰੀਆਂ ਨਾਲ ਸਾਂਝਾ ਦੀ ਗੱਲ ਕਰਦਿਆਂ ਕਿਹਾ ਕਿ ਮਰਹੂਮ ਖਿਡਾਰੀ ਸੁਰਜੀਤ ਸਿੰਘ ਰੰਧਾਵਾ ਨਾਲ ਉਨ੍ਹਾਂ ਦਾ ਬਹੁਤ ਪਿਆਰ ਸੀ। ਸੁਰਜੀਤ ਸਿੰਘ ਵੱਲੋਂ ਰਖਵਾਏ ਦੋਸਤਾਨਾ ਮੈਚ ਨੂੰ ਖੇਡਣ ਲਈ 1984 ਵਿੱਚ ਉਨ੍ਹਾਂ ਭਾਰਤ ਆਉਣਾ ਸੀ ਪਰ ਬਦਕਿਸਮਤੀ ਨਾਲ ਉਸ ਮੈਚ ਬਾਰੇ ਗੱਲਬਾਤ ਕਰਨ ਤੋਂ ਬਾਅਦ ਭਾਰਤ ਪੁੱਜਦਿਆਂ ਸੁਰਜੀਤ ਸਿੰਘ ਜਲੰਧਰ ਨੇੜੇ ਹਾਦਸੇ ਵਿੱਚ ਸਾਨੂੰ ਅਲਵਿਦਾ ਆਖ ਗਿਆ। ਪਾਕਿਸਤਾਨ ਦੇ ਖਿਡਾਰੀਆਂ ਨੇ ਸੁਰਜੀਤ ਦੇ ਜਾਣ ਤੇ ਬੜਾ ਸੋਗ ਮਨਾਇਆ।

ਭਾਰਤੀ ਵਫ਼ਦ ਵਿੱਚ ਸ਼ਾਮਲ ਪੰਜਾਬੀ ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ ਗੁਰਭਜਨ ਸਿੰਘ ਗਿੱਲ ਨੇ ਇਸ ਉਪਰਾਲੇ ਦੀ ਸ਼ਲਾਘਾ ਕਿਹਾ ਕਿਹਾ ਪਹਿਲੀ ਵਾਰ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਖਿਡਾਰੀਆਂ ਨੂੰ ਇਕ ਮਾਲਾ ਵਿੱਚ ਪਰੋਂਦਿਆਂ ਕਿਤਾਬ ਲਿਖੀ ਗਈ ਹੈ। ਦੋਵੇਂ ਪੰਜਾਬਾਂ ਦੇ ਚੋਟੀ ਦੇ 15-15 ਖਿਡਾਰੀਆਂ ਨੂੰ ਸ਼ਾਮਲ ਕਰਦਿਆਂ ਰੇਖਾ ਚਿੱਤਰ ਲਿਖੇ ਗਏ ਹਨ। ਪੰਜਾਬੀ ਵਿੱਚ ਪਹਿਲੀ ਵਾਰ ਲਿਖੀ ਗਈ ਅਜਿਹੀ ਨਿਵੇਕਲੀ ਕਿਤਾਬ ਗੁਰਮੁਖੀ ਤੇ ਸ਼ਾਹਮੁਖੀ ਵਿੱਚ ਬਰਾਬਰ ਛਪੀ ਹੈ। ਗੁਰਮੁਖੀ ਦੀ ਕਿਤਾਬ ਨੂੰ ਲੋਕਗੀਤ ਪ੍ਰਕਾਸ਼ਨ (ਯੂਨੀ ਸਟਾਰ)ਮੋਹਾਲੀ ਨੇ ਛਾਪਿਆ ਹੈ ਜਦੋਂ ਕਿ ਸ਼ਾਹਮੁਖੀ ਦੀ ਕਿਤਾਬ ਨੂੰ ਆਸਿਫ਼ ਰਜ਼ਾ ਵੱਲੋਂ ਲਾਹੌਰ ਦੀ ਸਾਂਝਾ ਵਿਰਸਾ ਸੰਸਥਾ ਨੇ ਛਾਪਿਆ ਹੈ। ਨਵਦੀਪ ਸਿੰਘ ਗਿੱਲ ਦੀ ਇਹ 14ਵੀਂ ਪੁਸਤਕ ਹੈ।

ਯੂ.ਐਮ.ਟੀ. ਦੇ ਡਾਇਰੈਕਟਰ ਤੇ ਸਾਬਕਾ ਹਾਕੀ ਖਿਡਾਰੀ ਆਬਿਦ ਸ਼ੇਰਵਾਨੀ ਨੇ ਕਿਹਾ ਕਿ ਦੋਵੇਂ ਪੰਜਾਬਾਂ ਦੇ ਖਿਡਾਰੀਆਂ ਦੀ ਇਹ ਪੁਸਤਕ ਗੁਰਮੁਖੀ ਦੇ ਨਾਲ ਸ਼ਾਹਮੁਖੀ ਵਿੱਚ ਛਪਣ ਨਾਲ ਪਾਕਿਸਤਾਨ ਵਿੱਚ ਵੀ ਖੇਡ ਪ੍ਰੇਮੀ ਇਸ ਨੂੰ ਚਾਵਾਂ ਨਾਲ ਪੜ੍ਹਨਗੇ। ਉਨ੍ਹਾਂ ਯੂ.ਐਮ.ਟੀ. ਵੱਲੋਂ ਖਿਡਾਰੀਆਂ ਨੂੰ ਦਿੱਤੇ ਜਾਂਦੀਆਂ ਸਹੂਲਤਾਂ ਤੇ ਵਜ਼ੀਫ਼ਿਆਂ ਦੀ ਗੱਲ ਦੱਸਦਿਆਂ ਕਿਹਾ ਕਿ ਵੱਡੇ ਖਿਡਾਰੀਆਂ ਦੀਆਂ ਜੀਵਨੀਆਂ ਪੜ੍ਹ ਕੇ ਨਵੀਂ ਪੀੜ੍ਹੀ ਬਹੁਤ ਉਤਸ਼ਾਹਤ ਹੋਵੇਗੀ।

ਲੇਖਕ ਨਵਦੀਪ ਸਿੰਘ ਗਿੱਲ ਕਿਤਾਬ ਬਾਰੇ ਗੱਲ ਕਰਦਿਆਂ ਕਿਹਾ ਕਿ ਲਹਿੰਦੇ ਪੰਜਾਬ ਦੇ ਖਿਡਾਰੀਆਂ ਵਿੱਚੋਂ ਹਾਕੀ ਖੇਡ ਦੇ ਚਾਰ ਖਿਡਾਰੀ ਚੌਧਰੀ ਗੁਲਾਮ ਰਸੂਲ, ਅਖ਼ਤਰ ਰਸੂਲ, ਸਮੀਉੱਲਾ ਖਾਨ ਤੇ ਸ਼ਾਹਬਾਜ਼ ਸੀਨੀਅਰ, ਕ੍ਰਿਕਟ ਖੇਡ ਦੇ ਛੇ ਖਿਡਾਰੀ ਫਜ਼ਲ ਮਹਿਮੂਦ, ਇੰਜ਼ਮਾਮ ਉੱਲ ਹੱਕ, ਵਸੀਮ ਅਕਰਮ, ਵਕਾਰ ਯੂਨਿਸ, ਸ਼ੋਏਬ ਅਖ਼ਤਰ ਤੇ ਬਾਬਰ ਆਜ਼ਮ, ਅਥਲੈਟਿਕਸ ਦੇ ਤਿੰਨ ਅਥਲੀਟ ਅਬਦੁਲ ਖਾਲਿਕ, ਗੁਲਾਮ ਰਜ਼ੀਕ ਤੇ ਅਰਸ਼ਦ ਨਦੀਮ, ਇਕ ਪਹਿਲਵਾਨ ਗਾਮਾ ਅਤੇ ਮਹਿਲਾ ਟੈਨਿਸ ਖਿਡਾਰਨ ਉਸ਼ਨਾ ਸੁਹੇਲ ਸ਼ਾਮਲ ਕੀਤੀ। ਚੜ੍ਹਦੇ ਪੰਜਾਬ ਦੇ ਖਿਡਾਰੀਆਂ ਵਿੱਚੋਂ ਹਾਕੀ ਦੇ ਪੰਜ ਖਿਡਾਰੀ ਬਲਬੀਰ ਸਿੰਘ ਸੀਨੀਅਰ, ਪਿਰਥੀਪਾਲ ਸਿੰਘ, ਅਜੀਤ ਪਾਲ ਸਿੰਘ, ਰੂਪਾ ਸੈਣੀ ਤੇ ਹਰਮਨਪ੍ਰੀਤ ਸਿੰਘ, ਚਾਰ ਅਥਲੀਟ ਮਿਲਖਾ ਸਿੰਘ, ਗੁਰਬਚਨ ਸਿੰਘ ਰੰਧਾਵਾ, ਮਹਿੰਦਰ ਸਿੰਘ ਗਿੱਲ ਤੇ ਮਨਜੀਤ ਕੌਰ, ਦੋ ਪਹਿਲਵਾਨ ਦਾਰਾ ਸਿੰਘ ਤੇ ਕਰਤਾਰ ਸਿੰਘ, ਦੋ ਨਿਸ਼ਾਨੇਬਾਜ਼ ਅਭਿਨਵ ਬਿੰਦਰਾ ਤੇ ਅਵਨੀਤ ਕੌਰ ਸਿੱਧੂ, ਇਕ ਫੁਟਬਾਲਰ ਜਰਨੈਲ ਸਿੰਘ ਤੇ ਇਕ ਕ੍ਰਿਕਟਰ ਯੁਵਰਾਜ ਸਿੰਘ ਸ਼ਾਮਲ ਕੀਤਾ ਹੈ।

ਸਾਬਕਾ ਆਈ.ਪੀ.ਐਸ. ਅਧਿਕਾਰੀ ਤੇ ਲੇਖਕ ਗੁਰਪ੍ਰੀਤ ਸਿੰਘ ਤੂਰ ਨੇ ਸਵਾਗਤੀ ਸ਼ਬਦ ਬੋਲਦਿਆਂ ਭਾਰਤ ਤੋਂ ਆਏ ਵਫ਼ਦ ਦੇ ਮੈਂਬਰਾਂ ਦੀ ਜਾਣ ਪਛਾਣ ਕਰਵਾਈ। ਉਨ੍ਹਾਂ ਕਿਹਾ ਕਿ ਭਾਰਤ-ਪਾਕਿਸਤਾਨ ਦੇ ਜ਼ਿਕਰ ਤੋਂ ਬਿਨਾਂ ਵਿਸ਼ਵ ਹਾਕੀ ਦਾ ਇਤਿਹਾਸ ਅਧੂਰਾ ਹੈ।

ਇਸ ਮੌਕੇ ਪੰਜਾਬ ਖੇਤੀ ਯੂਨੀਵਰਸਿਟੀ ਦੀ ਅਸੋਸੀਏਟ ਡਾਇਰੈਕਟਰ ਡਾ. ਰੁਪਿੰਦਰ ਕੌਰ ਤੂਰ ਤੇ ਸਰਦਾਰਨੀ ਜਸਵਿੰਦਰ ਕੌਰ ਗਿੱਲ ਵੀ ਹਾਜ਼ਰ ਸਨ।

# ਪੰਜਾਬ ਦੇ 3 ਜ਼ਿਲ੍ਹਿਆਂ ਵਿੱਚ ਬਾਰਿਸ਼ ਦੀ ਸੰਭਾਵਨਾ



(ਲੋਕ ਬਾਣੀ) ਚੱਕਰਵਾਤੀ ਹਵਾ ਵਾਲੇ ਖੇਤਰ ਕਾਰਨ, ਪੰਜਾਬ ਦਾ ਘੱਟੋ-ਘੱਟ ਤਾਪਮਾਨ ਇਸ ਸਮੇਂ ਆਮ ਨਾਲੋਂ ਵੱਧ ਹੈ, ਜਦੋਂ ਕਿ ਵੱਧ ਤੋਂ ਵੱਧ ਤਾਪਮਾਨ ਵਿੱਚ ਥੋੜ੍ਹੀ ਗਿਰਾਵਟ ਦਰਜ ਕੀਤੀ ਜਾ ਰਹੀ ਹੈ। ਮੌਸਮ ਵਿਭਾਗ ਨੇ ਕਿਹਾ ਹੈ ਕਿ ਆਉਣ ਵਾਲੇ 48 ਘੰਟਿਆਂ ਵਿੱਚ ਘੱਟੋ-ਘੱਟ ਤਾਪਮਾਨ 4 ਡਿਗਰੀ ਘੱਟ ਜਾਵੇਗਾ, ਜਿਸ ਨਾਲ ਠੰਡ ਵਧੇਗੀ।

ਅੱਜ ਪੰਜਾਬ ਦੇ ਪਠਾਨਕੋਟ, ਰੂਪਨਗਰ ਅਤੇ ਐਸਏਐਸ ਨਗਰ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਕੱਲ੍ਹ, ਬੁੱਧਵਾਰ ਨੂੰ ਘੱਟੋ-ਘੱਟ ਤਾਪਮਾਨ ਵਿੱਚ 1.6 ਡਿਗਰੀ ਦਾ ਵਾਧਾ ਹੋਇਆ ਅਤੇ ਇਹ ਤਾਪਮਾਨ ਆਮ ਨਾਲੋਂ 4.3 ਡਿਗਰੀ ਵੱਧ ਹੈ। ਇਸ ਦੇ ਨਾਲ ਹੀ, ਵੱਧ ਤੋਂ ਵੱਧ ਤਾਪਮਾਨ 1.7 ਡਿਗਰੀ ਦੀ ਗਿਰਾਵਟ ਦੇ ਨਾਲ ਆਮ ਨਾਲੋਂ 3 ਡਿਗਰੀ ਵੱਧ ਦਰਜ ਕੀਤਾ ਜਾ ਰਿਹਾ ਹੈ।

# ਜੰਮੂ-ਕਸ਼ਮੀਰ ਚ ਗੋਲੀਬਾਰੀ ਦੌਰਾਨ ਮਾਨਸਾ ਦਾ 24 ਸਾਲਾਂ ਅਗਨੀਵੀਰ ਜਵਾਨ ਲਵਪ੍ਰੀਤ ਸਿੰਘ ਸ਼ਹੀਦ, CM ਮਾਨ ਨੇ ਪ੍ਰਗਟਾਇਆ ਦੁੱਖ



ਮਾਨਸਾ, (ਲੋਕ ਬਾਣੀ) ਜੰਮੂ-ਕਸ਼ਮੀਰ ਦੇ ਕੁਪਵਾੜਾ ਵਿੱਚ ਅੱਤਵਾਦੀਆਂ ਵੱਲੋਂ ਕੀਤੀ ਗਈ ਗੋਲੀਬਾਰੀ ਦੌਰਾਨ ਮਾਨਸਾ ਦੇ ਪਿੰਡ ਅਕਲੀਆ ਦਾ 24 ਸਾਲਾ ਅਗਨੀਵੀਰ ਜਵਾਨ ਲਵਪ੍ਰੀਤ ਸਿੰਘ ਸ਼ਹੀਦ ਹੋ ਗਿਆ ਹੈ। ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਹ ਪਰਿਵਾਰ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦੇ ਹਨ। ਦੇਸ਼ ਪ੍ਰਤੀ ਬਹਾਦਰ ਸਿਪਾਹੀ ਦੀ ਹਿੰਮਤ ਅਤੇ ਸਬਰ ਨੂੰ ਦਿਲੋਂ ਸਲਾਮ। ਇਸ ਮੁਸੀਬਤ ਦੀ ਘੜੀ ਵਿੱਚ, ਪੰਜਾਬ ਸਰਕਾਰ ਪਰਿਵਾਰ ਦੇ ਨਾਲ ਹੈ ਅਤੇ ਵਾਅਦੇ ਅਨੁਸਾਰ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਸਾਡੇ ਲਈ, ਸਾਡੇ ਸਿਪਾਹੀ ਸਾਡਾ ਮਾਣ ਹਨ।

# ਪੰਜਾਬ ਵਿਜੀਲੈਂਸ ਨੇ ਡਰਿੱਲ ਅਫਸਰ ਵਾਸਤੇ 50,000 ਰੁਪਏ ਰਿਸ਼ਵਤ ਲੈਂਦੇ ਹੌਲਦਾਰ ਨੂੰ ਕੀਤਾ ਗ੍ਰਿਫ਼ਤਾਰ, ਮੁੱਖ ਮੁਲਜ਼ਮ ਗ੍ਰਿਫ਼ਤਾਰੀ ਤੋਂ ਬਚ ਕੇ ਹੋਇਆ ਫਰਾਰ

ਚੰਡੀਗੜ੍ਹ, (ਲੋਕ ਬਾਣੀ):ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਚਲਾਈ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ 5ਵੀਂ ਕਮਾਂਡੋ ਬਟਾਲੀਅਨ, ਬਠਿੰਡਾ ਵਿੱਚ ਤਾਇਨਾਤ ਹੌਲਦਾਰ (ਐਚਸੀ) ਨਛੱਤਰ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕੀਤਾ ਹੈ। ਉਕਤ ਪੁਲਿਸ ਮੁਲਾਜ਼ਮ ਰਿਸ਼ਵਤ ਦੀ ਇਹ ਰਕਮ ਮੁੱਖ ਮੁਲਜ਼ਮ ਕਮਾਂਡੋ ਡਰਿੱਲ ਅਫਸਰ (ਸੀ.ਡੀ.ਓ.) ਹੌਲਦਾਰ ਤਰਸੇਮ ਸਿੰਘ ਦੇ ਨਾਂ 'ਤੇ ਰਿਸ਼ਵਤ ਲੈ ਰਿਹਾ ਸੀ ਜੋ ਗ੍ਰਿਫ਼ਤਾਰੀ ਤੋਂ ਬਚਣ ਲਈ ਫਰਾਰ ਹੋ ਗਿਆ ਹੈ।




ਅੱਜ ਇੱਥੇ ਇਹ ਖੁਲਾਸਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ 5ਵੀਂ ਕਮਾਂਡੋ ਬਟਾਲੀਅਨ ਵਿੱਚ ਤਾਇਨਾਤ ਇੱਕ ਹੋਰ ਹੌਲਦਾਰ ਪਰਮਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਉਕਤ ਸੀ.ਡੀ.ਓ. ਤਰਸੇਮ ਸਿੰਘ ਨੇ ਉਸ ਨੂੰ ਇੱਕ ਪੁਲਿਸ ਕੇਸ ਕਰਕੇ ਨੌਕਰੀ ਤੋਂ ਦੋ ਸਾਲ ਦੀ ਸਥਾਈ ਬਰਖ਼ਾਸਤਗੀ ਸਬੰਧੀ ਵਿਭਾਗੀ ਜਾਂਚ ਵਿੱਚ ਸ਼ਿਕਾਇਤਕਰਤਾ ਦੀ ਮਦਦ ਕਰਨ ਬਦਲੇ 50,000 ਰੁਪਏ ਦੀ ਮੰਗ ਕੀਤੀ ਸੀ।

ਸ਼ਿਕਾਇਤ ਦੇ ਅਨੁਸਾਰ ਤਰਸੇਮ ਸਿੰਘ ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੀ ਰਕਮ ਉਸ ਨਾਲ ਤਾਇਨਾਤ ਸਹਾਇਕ ਹੌਲਦਾਰ ਨਛੱਤਰ ਸਿੰਘ ਨੂੰ ਸੌਂਪਣ ਲਈ ਕਿਹਾ ਸੀ ਕਿਉਂਕਿ ਉਹ ਖੁਦ ਇਹ ਪੈਸੇ ਲੈਣ ਲਈ ਮੌਜੂਦ ਨਹੀਂ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਵਿਜੀਲੈਂਸ ਬਿਊਰੋ ਨੇ ਮੁੱਢਲੀ ਜਾਂਚ ਕੀਤੀ ਅਤੇ ਵਿਜੀਲੈਂਸ ਬਿਊਰੋ ਦੀ ਬਠਿੰਡਾ ਯੂਨਿਟ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਹੌਲਦਾਰ ਨਛੱਤਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ।

ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿਖੇ ਦੋਵਾਂ ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰ ਲਿਆ ਹੈ। ਵਿਜੀਲੈਂਸ ਬਿਓਰੋ ਵੱਲੋਂ ਫਰਾਰ ਚੱਲ ਰਹੇ ਤਰਸੇਮ ਸਿੰਘ ਨੂੰ ਫੜਨ ਦੀਆਂ ਯਤਨ ਜਾਰੀ ਹਨ ਅਤੇ ਮਾਮਲੇ ਦੀ ਹੋਰ ਜਾਂਚ ਕੀਤੀ ਜਾ ਰਹੀ ਹੈ।

# ਲਾਇਨਜ਼ ਕਲੱਬ ਨੇ ਲੋੜਵੰਦਾਂ ਦੀ ਕੀਤੀ ਮਦਦ



ਡੇਰਾਬੱਸੀ, (ਲੋਕ ਬਾਣੀ) ਲਾਇਨਜ਼ ਕਲੱਬ ਡੇਰਾਬੱਸੀ ਨੇ ਕਸ਼ਮੀਰ ਦੇ ਇੱਕ ਲੋੜਵੰਦ ਪਰਿਵਾਰ ਦੀ ਮਦਦ ਕੀਤੀ ਅਤੇ ਉਨ੍ਹਾਂ ਦੇ ਇਲਾਜ ਲਈ ਪੈਸੇ ਇਕੱਠੇ ਕੀਤੇ। ਜਾਣਕਾਰੀ ਿ ਦ ੰ ਿ ਦ ਅ ਾਂ ਲਾਇਨਜ਼ ਕਲੱਬ ਦੇ ਮੀਤ ਪ੍ਰਧਾਨ ਉਪੇਸ਼ ਬਾਂਸਲ ਨੇ ਦੱਸਿਆ ਕਿ ਉਨ੍ਹਾਂ ਨੇ ਰਾਣੀ ਪਤਨੀ ਲਾਲ ਹੁਸੈਨ ਵਾਸੀ ਪੁੰਛ ਜ਼ਿਲ੍ਹਾ ਜੰਮੂ-ਕਸ਼ਮੀਰ ਜੋ ਕਿ ਕੈਂਸਰ ਦੀ ਬਿਮਾਰੀ ਤੋਂ ਪੀੜਤ ਸੀ, ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ। ਇਥੇ ਮਸਜਿਦ ਡੇਰਾਬੱਸੀ ਵਿੱਚ ਇੱਕ ਲੋੜਵੰਦ ਪਰਿਵਾਰ ਆਇਆ ਹੋਇਆ ਸੀ ਕਿ ਉਸ ਦੇ ਇਲਾਜ ਲਈ ਉਪੇਸ਼ ਬਾਂਸਲ ਅਤੇ ਬਰਖਾ ਰਾਮ ਨੇ ਤੁਰੰਤ ਉਸ ਪਰਿਵਾਰ ਨੂੰ ਲਾਇਨਜ਼ ਕਲੱਬ ਦੀ ਤਰਫੋਂ ਆਰਥਿਕ ਸਹਾਇਤਾ ਦਿੱਤੀ। ਇਸ ਮੌਕੇ ਜਾਮਾ ਮਸਜਿਦ ਦੇ ਪ੍ਰਬੰਧਕਾਂ ਨੇ ਲਾਇਨਜ਼ ਕਲੱਬ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪਰਿਵਾਰ ਨੇ ਆਏ ਹੋਏ ਲਾਇਨਜ਼ ਕਲੱਬ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਵੀ ਕੀਤਾ।

# ਪਿੰਡ ਜੱਖਲਾਂ ਦੇ ਕਬੱਡੀ ਕੱਪ ਨੇ ਹਜ਼ਾਰਾਂ ਲੋਕਾਂ ਦੇ ਮਨਾਂ ਤੇ ਛੱਡੀ ਡੂੰਘੀ ਛਾਪ





ਧੂਰੀ (ਲੋਕ ਬਾਣੀ) ਧੂਰੀ ਹਲਕੇ ਦੇ ਪ੍ਰਸਿੱਧ ਕਲੱਬ ਮੀਰੀ ਪੀਰੀ ਸਪੋਰਟਸ ਐਂਡ ਵੈਲਫੇਅਰ ਕਲੱਬ ਧੂਰੀ ਵੱਲੋਂ ਪ੍ਰਾਇਮ ਵੀਜ਼ਾ ਅਡਵਾਈਜ਼ਰ ਮੋਹਾਲੀ ਧੂਰੀ ਦੇ ਸਹਿਯੋਗ ਕਲੱਬ ਦੇ ਚੇਅਰਮੈਨ ਹਰਦੀਪ ਸਿੰਘ ਬਵਲੂ ਜੱਖਲਾਂ ਅਮਰੀਕਾ , ਜੱਸਾ ਆਸਟਰੇਲੀਆ ਅਤੇ ਪ੍ਰਧਾਨ ਗੁਰਸੇਵ ਸਿੰਘ ਸੇਬੀ ਕਾਂਝਲਾ ਅਤੇ ਕਲੱਬ ਦੇ ਹੋਰਨਾਂ ਅਹੁਦੇਦਾਰਾਂ ਮੈਂਬਰਾਂ ਦੇ ਭਰਵੇਂ ਸਹਿਯੋਗ ਨਾਲ ਕਰਵਾਏ ਗਏ ਇੱਕ ਰੋਜ਼ਾ ਕਬੱਡੀ ਕੱਪ ਜੱਖਲਾਂ ਵਿਖੇ ਹਜ਼ਾਰਾਂ ਹੀ ਦਰਸ਼ਕਾਂ ਦੀ ਭੀੜ ਉਮੜੀ , ਮੇਜਰ ਲੀਗ ਦੀਆਂ ਟੀਮਾਂ ਵਿੱਚ ਹੋਇਆ ਸਖਤ ਮੁਕਾਬਲਿਆਂ ਵਿੱਚੋਂ ਪਹਿਲਾ ਇਨਾਮ ਸ਼ਾਹਕੋਟ ਲਾਇਨਜ ਟੀਮ ਅਤੇ ਦੂਸਰਾ ਇਨਾਮ ਗੁਰਦਾਸਪੁਰ ਲਾਇਨਜ ਟੀਮ ਨੇ ਜਿੱਤਿਆ। ਇਸ ਮੌਕੇ ਬੈਸਟ ਰੇਡਰ ਫੂਲਾ ਸੂਸਕ ਅਤੇ ਬੈਸਟ ਜਾਫੀ ਕੁਲਵਿੰਦਰ ਜਲਵੇੜਾ ਨੂੰ ਕਲੱਬ ਵੱਲੋਂ ਮੋਹਰਾਂ ਨਸਲ ਦੀਆਂ ਝੋਟੀਆਂ ਦਿੱਤਿਆਂ ਗਈਆ , ਇਸ ਮੌਕੇ ਕਲੱਬ ਪ੍ਰਬੰਧਕਾਂ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਏ ਇਸ ਕਬੱਡੀ ਟੂਰਨਾਮੈਂਟ ਵਿੱਚ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਕੁਮੈਂਟਰ ਬਸੰਤ ਬਾਜਾ ਖਾਨਾ ਨੂੰ ਕਾਰ , ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਗਰੀਬ ਬੱਚਿਆਂ ਦੀ ਸੇਵਾ ਕਰਨ ਬਦਲੇ 3 ਲੱਖ ਰੁਪਏ,ਪ੍ਰਸਿੱਧ ਕਬੱਡੀ ਕਮੈਂਟਰ ਅਮਰੀਕ ਖੋਸਾ ਕੋਟਲਾ ਅਤੇ ਲੱਖੀ ਲਹਿਰਾ ਦਾ 50 ਹਜਾਰ ਰੁਪਏ ਦੀ ਨਗਦ ਰਾਸ਼ੀ ਨਾਲ ਸਨਮਾਨ ਕੀਤਾ ਗਿਆ ਅਤੇ ਹੋਰਨਾਂ ਸ਼ਖਸੀਅਤਾਂ ਨੂੰ ਨਗਦ ਇਨਾਮਾਂ ਅਤੇ ਸਨਮਾਨ ਚਿੰਨਾ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਲੇਰ ਸਿੰਘ ਨਾਗਰਾ ਯੂ.ਐਸ.ਏ , ਜਸਵੀਰ ਸਿੰਘ ਜੱਸਾ ਆਸਟਰੇਲੀਆ , ਸੀਪਾ ਗਿੱਲ ਜੱਖਲਾਂ ਯੂ ਐਸ ਏ , ਸਰਪੰਚ ਹਰਦੀਪ ਸਿੰਘ ਦੌਲਤਪੁਰ , ਪ੍ਰੋਫੈਸਰ ਦਵਿੰਦਰ ਸਿੰਘ ਮਾਨਾ , ਰਣਜੀਤ ਸਿੰਘ ਘਨੌਰ , ਲਾਲੀ ਰੰਧਾਵਾ ਮੀਮਸਾ ਆਸਟਰੇਲੀਆ , ਪ੍ਰਿਤਪਾਲ ਸਿੰਘ ਢੀਂਡਸਾ ਅਤੇ ਅਮ੍ਰਿਤਪਾਲ ਸਿੰਘ ਢੀਂਡਸਾ ਐਮ ਡੀ ਪ੍ਰਾਇਮ ਵੀਜ਼ਾ ਅਡਵਾਈਜ਼ਰ , ਜਗਸੀਰ ਸਿੰਘ ਜੱਗੀ ਢੀਂਡਸਾ ਐਮ ਡੀ ਦਾ ਐਂਜ ਧੂਰੀ , ਸਰਪੰਚ ਸੁਖਦੀਪ ਸਿੰਘ ਚੀਮਾ , ਅਮਨਦੀਪ ਜੱਖਲਾ , ਅਨੁਭਵ ਸਿੰਗਲਾ , ਧਰਮਿੰਦਰ ਸਿੰਘ ਜੱਖਲਾਂ , ਸਮਾਜ ਸੇਵੀ , ਭਾਨ ਸਿੰਘ ਜੱਸੀ ( ਜੱਸੀ ਪੇਦਨੀ ) , ਦਵਿੰਦਰਪਾਲ ਨੀਟਾ , ਸਤਬੀਰ ਸਿੰਘ ਗਿੱਲ , ਜੁਗਰਾਜ ਸਿੰਘ , ਗੁਰਤੇਜ ਸਿੰਘ ਤੇਜੀ , ਕਰਨ ਕਨੇਡਾ , ਬਲਵੀਰ ਸਿੰਘ ਬੀਰਾ ਜੱਖਲਾਂ , ਤਨਵੀਰ ਸਿੰਘ ਅਮਰੀਕਾ , ਸਮਰ ਅਸਟ੍ਰੇਲੀਆ , ਅਭੀਰਾਜ ਪ੍ਰਤਾਪ ਸਿੰਘ ਸਰਾਓ ਅਤੇ ਕਲੱਬ ਦੇ ਹੋਰਨਾ ਮੈਂਬਰਾਂ ਅਤੇ ਸਹਿਯੋਗੀਆਂ ਨੇ ਭਾਗ ਲਿਆ ।

# ਲੁੱਟ-ਖੋਹ ਕਰਨ ਵਾਲਿਆਂ ਨੂੰ ਬਖਸ਼ਿਆਂ ਨਹੀਂ ਜਾਵੇਗਾ-ਧਾਲੀਵਾਲ



ਅੰਮ੍ਰਿਤਸਰ, (ਲੋਕ ਬਾਣੀ) ਪਿਛਲੇ ਦਿਨੀਂ ਸੁਨਿਆਰੇ ਦੀ ਦੁਕਾਨ ਤੇ ਹੋਈ ਲੁੱਟ ਸਬੰਧੀ ਕੈਬਨਿਟ ਮੰਤਰੀ ਸ੍ਰ ਕੁਲਦੀਪ ਸਿੰਘ ਧਾਲੀਵਾਲ ਪੀੜਤ ਵਿਅਕਤੀ ਦੀ ਦੁਕਾਨ ਤੇ ਪਹੁੰਚੇ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮਾਨ ਸਰਕਾਰ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕਿਸਮ ਤੇ ਸਿਰ ਨਹੀਂ ਚੁੱਕਣ ਦੇਵੇਗੀ ਅਤੇ ਇਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

ਸ੍ਰ ਧਾਲੀਵਾਲ ਨੇ ਕਿਹਾ ਕਿ ਲੁੱਟ ਖੋਹ ਕਰਨ ਵਾਲਿਆਂ ਨੂੰ ਕਿਸੇ ਵੀ ਕਿਸਮ ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਪੰਜਾਬ ਪੁਲਿਸ ਪੂਰੀ ਤਰ੍ਹਾਂ ਸਮਾਜ ਵਿਰੋਧੀ ਅਨੁਸਾਰਾਂ ਨਾਲ ਨਜਿੱਠਣ ਲਈ ਚੌਕਸ ਹੈ। ਉਨ੍ਹਾਂ ਪੁਲਿਸ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਪੁਲਿਸ ਨੇ ਚਾਰ ਦਿਨਾਂ ਦੇ ਅੰਦਰ ਹੀ ਲੁਟੇਰਿਆਂ ਨੂੰ ਕਾਬੂ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਸੁਨਿਆਰੇ ਦੀ ਦੁਕਾਨ ਤੇ ਲੁੱਟ ਕਰਨ ਵਾਲਿਆਂ ਤੋਂ ਸਮਾਨ ਵੀ ਬਰਾਮਦ ਕਰ ਲਿਆ ਗਿਆ ਹੈ ਅਤੇ ਕਾਨੂੰਨੀ ਕਾਰਵਾਈ ਕਰਨ ਉਪਰੰਤ ਸਬੰਧਤ ਦੁਕਾਨਦਾਰ ਦੇ ਸਪੁਰਦ ਕਰ ਦਿੱਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਅਤੇ ਬਟਾਲਾ ਦੀ ਪੁਲਿਸ ਨੇ ਪੂਰੀ ਮੁਸਤੈਦੀ ਨਾਲ ਇਨ੍ਹਾਂ ਲੁਟੇਰਿਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੁਕਾਨਦਾਰਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਪੁਲਿਸ ਦੀ ਗਸ਼ਤ ਨੂੰ ਹੋਰ ਵਧਾਇਆ ਜਾਵੇਗਾ ਅਤੇ ਸਮਾਜ ਵਿਰੋਧੀ ਅਨਸਰਾਂ ਤੇ ਸਖਤ ਨਜਰ ਰੱਖੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਕੁਝ ਸਮਾਂ ਪਹਿਲਾਂ ਵੀ ਅਜਨਾਲਾ ਵਿਖੇ ਲੁੱਟ ਹੋਈ, ਉਸ ਦੇ ਲੁੱਟ ਦੇ ਮੁਲਜਮਾਂ ਨੂੰ ਵੀ ਕਾਬੂ ਕਰ ਲਿਆ ਸੀ। ਉਨ੍ਹਾਂ ਦੱਸਿਆ ਕਿ ਇਹ ਮੁਲਜਮ ਨਸ਼ੇੜੀ ਕਿਸਮ ਦੇ ਲੋਕ ਹਨ।

ਸੁਨਿਆਰੇ ਦੁਕਾਨ ਦੇ ਮਾਲਕ ਕੁਲਦੀਪ ਸਿੰਘ ਦੀਪਕ ਜਿਊਲਰ ਨੇ ਕੈਬਨਿਟ ਮੰਤਰੀ ਸ੍ਰ ਕੁਲਦੀਪ ਸਿੰਘ ਧਾਲੀਵਾਲ ਅਤੇ ਪੁਲਿਸ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਲਿਸ ਨੇ ਪੂਰੀ ਮੁਸਤੈਦੀ ਨਾਲ ਇਨ੍ਹਾਂ ਲੁਟੇਰਿਆਂ ਨੂੰ ਕਾਬੂ ਕੀਤਾ ਹੈ। ਉਨ੍ਹਾਂ ਸ੍ਰ ਧਾਲੀਵਾਲ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਮੇਰੀ ਦੁਕਾਨ ਦੀ ਲੁੱਟ ਤੋਂ ਬਾਅਦ ਲਗਾਤਾਰ ਮੇਰੇ ਸੰਪਰਕ ਵਿੱਚ ਰਹੇ ਹਨ ਅਤੇ ਮੇਰੀ ਹੌਸਲਾ ਅਫਜਾਈ ਕੀਤੀ ਹੈ ਕਿ ਤੁਹਾਡਾ ਸਮਾਨ ਵਾਪਸ ਦਿਵਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਉਨ੍ਹਾਂ ਦੇ ਨਾਲ ਡੀ:ਐਸ:ਪੀ:ਅਜਨਾਲਾ ਸ੍ਰ ਗੁਰਵਿੰਦਰ ਸਿੰਘ ਵੀ ਹਾਜਰ ਸਨ।

# ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਨੇ ਸ਼ਹਿਰ ਦੀਆਂ ਚਾਰ ਮੁੱਖ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ



ਅੰਮ੍ਰਿਤਸਰ, (ਲੋਕ ਬਾਣੀ) ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਨੇ ਅੱਜ ਸ਼ਹਿਰ ਦੀਆਂ ਚਾਰ ਮੁੱਖ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ। ਇਸ ਸਬੰਧੀ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਟ੍ਰੈਫਿਕ ਪੁਲਿਸ ਦੇ ਏਡੀਸੀਪੀ ਹਰਪਾਲ ਸਿੰਘ ਰੰਧਾਵਾ ਅਤੇ ਨਿਗਮ ਅਸਟੇਟ ਅਫ਼ਸਰ ਧਰਮਿੰਦਰ ਜੀਤ ਸਿੰਘ ਨਾਲ ਮੀਟਿੰਗ ਕੀਤੀ। ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਪਹਿਲਾਂ ਲਾਰੈਂਸ ਰੋਡ, ਮਾਲ ਰੋਡ, ਮਜੀਠਾ ਰੋਡ ਅਤੇ ਹੈਰੀਟੇਜ ਸਟਰੀਟ ਸੜਕਾਂ ਦੀ ਚੋਣ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚਾਰ ਸੜਕਾਂ ਤੇ, ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਅਧਿਕਾਰੀ ਸਾਂਝੇ ਤੌਰ ਤੇ ਕਾਰਵਾਈ ਕਰਨਗੇ ਅਤੇ ਇੱਕ ਪਾਇਲਟ ਪ੍ਰੋਜੈਕਟ ਵਜੋਂ, ਗੈਰ-ਕਾਨੂੰਨੀ ਤੌਰ ਤੇ ਪਾਰਕ ਕੀਤੇ ਵਾਹਨਾਂ ਅਤੇ ਲੋਕਾਂ ਦੁਆਰਾ ਆਪਣੇ ਸ਼ੋਅਰੂਮਾਂ ਅਤੇ ਦੁਕਾਨਾਂ ਦੇ ਬਾਹਰ ਕੀਤੇ ਗਏ ਕਬਜ਼ਿਆਂ ਨੂੰ ਹਟਾ ਦੇਣਗੇ। ਨਿਗਮ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਚਾਰ ਸੜਕਾਂ ਤੇ ਕੰਮ ਅੱਜ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਟ੍ਰੈਫਿਕ ਪੁਲਿਸ ਦੇ ਏਡੀਸੀਪੀ ਹਰਪਾਲ ਸਿੰਘ ਰੰਧਾਵਾ, ਟ੍ਰੈਫਿਕ ਪੁਲਿਸ ਅਧਿਕਾਰੀ ਅਤੇ ਨਗਰ ਨਿਗਮ ਦੇ ਅਸਟੇਟ ਵਿਭਾਗ ਦੇ ਅਧਿਕਾਰੀ ਚਾਰੇ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਨੂੰ ਸਪੀਕਰਾਂ ਰਾਹੀਂ ਚੇਤਾਵਨੀਆਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਸਾਰਾ ਦਿਨ ਲੋਕਾਂ ਨੂੰ ਚੇਤਾਵਨੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਕੱਲ੍ਹ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਸ਼ੋਅਰੂਮਾਂ ਅਤੇ ਦੁਕਾਨਾਂ ਦੇ ਬਾਹਰ ਗੈਰ-ਕਾਨੂੰਨੀ ਤੌਰ ਤੇ ਕੀਤੇ ਗਏ ਸਾਮਾਨ ਨੂੰ ਜ਼ਬਤ ਕਰੇਗਾ। ਜ਼ਬਤ ਕੀਤੀਆਂ ਗਈਆਂ ਚੀਜ਼ਾਂ ਛੱਡੀਆਂ ਨਹੀਂ ਜਾਣਗੀਆਂ। ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਇੱਕ ਹਫ਼ਤੇ ਲਈ ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਸਾਂਝੇ ਤੌਰ ਤੇ ਸ਼ਹਿਰ ਦੇ ਇਨ੍ਹਾਂ ਚਾਰ ਪ੍ਰਮੁੱਖ ਰਸਤਿਆਂ ਤੇ ਕਾਰਵਾਈ ਕਰਨਗੇ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਪੂਰੇ ਸ਼ਹਿਰ ਵਿੱਚ ਇਸੇ ਤਰ੍ਹਾਂ ਦੀਆਂ ਮੁਹਿੰਮਾਂ ਸ਼ੁਰੂ ਕੀਤੀਆਂ ਜਾਣਗੀਆਂ। ਏਡੀਸੀਪੀ ਟ੍ਰੈਫਿਕ ਹਰਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਗੈਰ-ਕਾਨੂੰਨੀ ਪਾਰਕਿੰਗ ਅਤੇ ਗੈਰ-ਕਾਨੂੰਨੀ ਕਬਜ਼ਿਆਂ ਦਾ ਟ੍ਰੈਫਿਕ ਵਿਵਸਥਾ ਤੇ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਵੱਲੋਂ ਇਹ ਮੁਹਿੰਮ ਲਗਾਤਾਰ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਸਾਂਝੇ ਤੌਰ ਤੇ ਕੰਮ ਕਰਕੇ ਲੋਕਾਂ ਨੂੰ ਸਪੀਕਰਾਂ ਰਾਹੀਂ ਚੇਤਾਵਨੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਕੱਲ੍ਹ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਢੰਗ ਨਾਲ ਪਾਰਕ ਕੀਤੇ ਵਾਹਨਾਂ ਦਾ ਪਤਾ ਲਗਾਇਆ ਜਾਵੇਗਾ ਅਤੇ ਚਲਾਨ ਕੀਤੇ ਜਾਣਗੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨ ਗੈਰ-ਕਾਨੂੰਨੀ ਢੰਗ ਨਾਲ ਨਾ ਪਾਰਕ ਕਰਨ।

# ਸਿਹਤ ਵਿਭਾਗ ਵੱਲੋਂ ਸਕੂਲ ਹੈਲਥ ਪ੍ਰੋਗਰਾਮ ਦੇ ਤਹਿਤ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਸਫਲਤਾ ਪੂਰਵਕ ਸੰਪੰਨ।



ਅੰਮ੍ਰਿਤਸਰ(ਲੋਕ ਬਾਣੀ) ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਜਿਲਾ ਟੀਕਾਕਰਨ ਅਫਸਰ ਡਾਕਟਰ ਭਾਰਤੀ ਧਵਨ ਦੀ ਅਗਵਾਈ ਹੇਠ ਸਕੂਲ ਟੀਚਰਾਂ ਦੀ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਸਫਲਤਾ ਪੂਰਵਕ ਸੰਪੰਨ ਹੋਈ। ਇਸ ਦੌਰਾਨ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ ਵੱਲੋਂ ਦੱਸਿਆ ਕਿ ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦਾ ਸਿਹਤਮੰਦ ਵਿਕਾਸ, ਭਾਵਨਾਤਮਕ ਤੰਦਰੁਸਤੀ ਤੇ ਮਾਨਸਿਕ ਸਿਹਤ, ਪੋਸ਼ਣ ਸਿਹਤ ਤੇ ਸਵੱਛਤਾ, ਪ੍ਰਜਨਨ ਸਿਹਤ ਤੇ ਐਚ.ਆਈ.ਵੀ. ਦੀ ਰੋਕਥਾਮ, ਲਿੰਗ ਸਮਾਨਤਾ, ਪਰਸਪਰ ਸੰਬੰਧ, ਪਦਾਰਥਾਂ ਦੀ ਦੁਰਵਰਤੋਂ ਤੇ ਰੋਕਥਾਮ, ਕਦਰਾਂ ਕੀਮਤਾਂ ਤੇ ਜਿੰਮੇਵਾਰੀਆਂ, ਸਿਹਤਮੰਦ ਜੀਵਨ ਦਾ ਪ੍ਰਭਾਵ, ਹਿੰਸਾ ਤੇ ਸੱਟਾਂ ਵਿਰੁੱਧ ਸੁਰੱਖਿਆ, ਇੰਟਰਨੈਟ ਗੈਜਟ ਤੇ ਮੀਡੀਆ ਦੀ ਸੁਰੱਖਿਅਤ ਵਰਤੋਂ ਆਦਿ ਬਾਰੇ ਬੜੇ ਹੀ ਵਿਸਥਾਰ ਨਾਲ ਟ੍ਰੇਨਿੰਗ ਦਿੱਤੀ ਗਈ ਹੈ। ਜਿਸ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦੀ ਸਿਹਤ ਸੰਭਾਲ ਪ੍ਰਤੀ ਉਹਨਾਂ ਨੂੰ ਜਾਗਰੂਕ ਕਰਨਾ ਤਾਂ ਜੋ ਬੱਚਿਆਂ ਦੀ ਕਿਸ਼ੋਰ ਅਵਸਥਾ ਵਿੱਚ ਚੰਗੀ ਸਿਹਤ ਸੰਭਾਲ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਤੇ ਸਕੂਲ ਹੈਲਥ ਨੋਡਲ ਅਫਸਰ ਡਾ ਸੁਨੀਤ ਗੁਰਮ ਗੁਪਤਾ, ਡਾ ਅੰਜੂ ਅਤੇ ਮੈਡਮ ਰੋਹਿਨੀ ਵੱਲੋਂ ਸਮੂਹ ਟੀਚਰਾਂ ਨੂੰ ਬੜੇ ਵਿਸਤਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਟਰੇਨਿੰਗ ਉਪਰੰਤ ਸਮੂਹ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ ।ਇਸ ਮੌਕੇ ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਸਕੂਲ ਹੈਲਥ ਕੋਆਰਡੀਨੇਟਰ ਲਵਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਰਾਜ ਪੱਧਰੀ ਗਣਤੰਤਰ ਦਿਵਸ ਸਮਾਗਮ ਲਈ ਫੁੱਲ ਡਰੈੱਸ ਰਿਹਰਸਲ ਦਾ ਨਿਰੀਖਣ

ਲੁਧਿਆਣਾ, (ਸੁਖਚੈਨ ਮਹਿਰਾ, ਨਰੇਸ਼ ਹੰਸ) – 76ਵੇਂ ਰਾਜ ਪੱਧਰੀ ਗਣਤੰਤਰ ਦਿਵਸ ਲਈ ਇੱਕ ਫੁੱਲ ਡਰੈੱਸ ਰਿਹਰਸਲ ਅੱਜ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਡ ਗਰਾਊਂਡ ਵਿਖੇ ਕੀਤੀ ਗਈ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਪਰੇਡ ਦੀ ਪ੍ਰਧਾਨਗੀ ਕੀਤੀ ਅਤੇ ਝੰਡਾ ਲਹਿਰਾਇਆ।

ਡਿਪਟੀ ਕਮਿਸ਼ਨਰ ਜੋਰਵਾਲ ਨੇ ਮਾਰਚ ਪਾਸਟ ਵਿੱਚ ਭਾਗ ਲੈਣ ਵਾਲੀਆਂ ਟੁਕੜੀਆਂ ਤੋਂ ਸਲਾਮੀ ਲਈ, ਜਿਸ ਵਿੱਚ ਪਰੇਡ ਕਮਾਂਡਰ ਆਈ.ਪੀ.ਐਸ. ਅਧਿਕਾਰੀ ਆਕਰਸ਼ੀ ਜੈਨ ਦੀ ਅਗਵਾਈ ਵਿੱਚ ਪੰਜਾਬ ਪੁਲਿਸ (ਪੁਰਸ਼ ਅਤੇ ਮਹਿਲਾ), ਪੰਜਾਬ ਹੋਮ ਗਾਰਡ ਅਤੇ ਐਨ.ਸੀ.ਸੀ. ਸਕਾਊਟਸ (ਲੜਕੇ ਅਤੇ ਲੜਕੀਆਂ) ਸ਼ਾਮਲ ਸਨ।



ਮਾਰਚ ਪਾਸਟ ਤੋਂ ਬਾਅਦ ਵੱਖ-ਵੱਖ 26 ਸਰਕਾਰੀ ਸਕੂਲਾਂ ਦੇ 900 ਵਿਦਿਆਰਥੀਆਂ ਦੁਆਰਾ ਇੱਕ ਸ਼ਾਨਦਾਰ ਸਮੂਹਿਕ ਸਰੀਰਕ ਸਿਖਲਾਈ ਪ੍ਰਦਰਸ਼ਨੀ ਕੀਤੀ ਗਈ, ਨਾਲ ਹੀ ਬੀ.ਵੀ.ਐਮ. ਸਕੂਲ, ਡੀ.ਏ.ਵੀ. ਸਕੂਲ ਅਤੇ ਆਰਮੀ ਪਬਲਿਕ ਸਕੂਲ (ਜਲੰਧਰ) ਸਮੇਤ ਵੱਖ-ਵੱਖ ਸੰਸਥਾਵਾਂ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤਾ ਗਿਆ ਇੱਕ ਰੰਗੀਨ ਦੇਸ਼ ਭਗਤੀ ਸੱਭਿਆਚਾਰਕ ਪ੍ਰੋਗਰਾਮ ਵੀ ਸ਼ਾਮਲ ਸੀ। ਇਸ ਤੋਂ ਇਲਾਵਾ, ਫੌਜ ਦੇ ਜਵਾਨਾਂ ਨੇ ਕਲਾਰੀਪਯੱਟੂ, ਇੱਕ ਪ੍ਰਾਚੀਨ ਮਾਰਸ਼ਲ ਆਰਟ, ਦਾ ਪ੍ਰਦਰਸ਼ਨ ਕੀਤਾ, ਜੋ ਖਿੱਚ ਦਾ ਕੇਂਦਰ ਬਣਿਆ।

ਸਿਹਤ, ਭੂਮੀ ਸੰਭਾਲ, ਜੰਗਲਾਤ, ਵੇਰਕਾ, ਮਹਿਲਾ ਅਤੇ ਬਾਲ ਵਿਕਾਸ, ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ, ਡੀ.ਬੀ.ਈ.ਈ., ਸੀ.ਐਮ.ਡੀ. ਯੋਗਸ਼ਾਲਾ, ਸਿੱਖਿਆ, ਮਾਰਕਫੈੱਡ ਅਤੇ ਏ.ਡੀ.ਸੀ. (ਪੇਂਡੂ ਵਿਕਾਸ) ਦਫ਼ਤਰ ਵਰਗੇ ਵੱਖ-ਵੱਖ ਵਿਭਾਗਾਂ ਦੀਆਂ ਕੁੱਲ 17 ਝਾਕੀਆਂ ਨੇ ਗਣਤੰਤਰ ਦਿਵਸ ਸਮਾਗਮ ਦੌਰਾਨ ਸਰਕਾਰੀ ਪ੍ਰੋਗਰਾਮਾਂ ਅਤੇ ਨੀਤੀਆਂ ਨੂੰ ਉਜਾਗਰ ਕੀਤਾ।

ਫੁੱਲ ਡਰੈੱਸ ਰਿਹਰਸਲ ਤੋਂ ਥੋੜ੍ਹੀ ਦੇਰ ਬਾਅਦ, ਡਿਪਟੀ ਕਮਿਸ਼ਨਰ ਜੋਰਵਾਲ ਨੇ ਰਾਜ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਸਟੇਡੀਅਮ ਵਿੱਚ ਅਧਿਕਾਰੀਆਂ ਨਾਲ ਇੱਕ ਮੀਟਿੰਗ ਬੁਲਾਈ। ਡਿਪਟੀ ਕਮਿਸ਼ਨਰ ਜੋਰਵਾਲ ਨੇ ਇਹ ਵੀ ਐਲਾਨ ਕੀਤਾ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 26 ਜਨਵਰੀ ਨੂੰ ਮੈਦਾਨ ਵਿੱਚ ਹੋਣ ਵਾਲੇ ਰਾਜ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀ ਪ੍ਰਧਾਨਗੀ ਕਰਨਗੇ। ਉਹ ਬਾਅਦ ਵਿੱਚ ਮੈਦਾਨ ਦੇ ਨੇੜੇ ਭਾਰਤੀ ਫੌਜ ਦੁਆਰਾ ਇੱਕ ਹਥਿਆਰਾਂ ਅਤੇ ਟੈਂਕਾਂ ਦੀ ਪ੍ਰਦਰਸ਼ਨੀ ਦਾ ਉਦਘਾਟਨ ਵੀ ਕਰਨਗੇ।

ਡਿਪਟੀ ਕਮਿਸ਼ਨਰ ਵੱਲੋਂ ਸਾਰੇ ਸਬੰਧਤ ਵਿਭਾਗਾਂ ਨੂੰ ਗਣਤੰਤਰ ਦਿਵਸ ਸਮਾਰੋਹ ਨੂੰ ਬੇਮਿਸਾਲ ਬਣਾਉਣ ਲਈ ਸੁਹਿਰਦ ਯਤਨ ਕਰਨ ਦੀ ਜ਼ਰੂਰਤ ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਇਸ ਸ਼ਾਨਦਾਰ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਤਾਕੀਦ ਕੀਤੀ, ਜਿਸ ਵਿੱਚ ਬਾਰੀਕੀ ਨਾਲ ਯੋਜਨਾਬੰਦੀ ਅਤੇ ਅਮਲ ਦੀ ਮਹੱਤਤਾ ਤੇ ਚਾਨਣਾ ਪਾਇਆ.

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਰੋਹਿਤ ਗੁਪਤਾ, ਭਾਰਤੀ ਫੌਜ ਦੇ ਅਧਿਕਾਰੀ ਅਤੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਸਨ।

# ਸੁਭਾਸ਼ ਚੰਦਰ ਬੋਸ ਜੀ ਦੇ ਜਨਮ ਦਿਨ ਤੇ ਕਲਾ ਪ੍ਰਦਰਸ਼ਨੀ ਅਤੇ ਪੋਸਟਰ ਮੇਕਿੰਗ ਮੁਕਾਬਲੇ ਦਾ ਆਯੋਜਨ




ਦੀਨਾਨਗਰ, (ਡਾ ਰਮੇਸ਼ ਸਰੰਗਲ ):-ਐਸ. ਐਸ.ਐਮ. ਕਾਲਜ, ਦੀਨਾਨਗਰ ਦੇ ਯੁਵਕ ਭਲਾਈ ਵਿਭਾਗ ਅਤੇ ਫਾਈਨ ਆਰਟਸ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਆਰ. ਕੇ. ਤੁਲੀ ਜੀ ਦੀ ਪ੍ਰਧਾਨਗੀ ਹੇਠ ਨੇਤਾਜੀ ਸੁਭਾਸ਼ ਚੰਦਰ ਬੋਸ ਦੀ 128ਵੀਂ ਜਯੰਤੀ ਨੂੰ ਪਰਕਰਮਾ ਦਿਵਸ ਵਜੋਂ ਮਨਾਇਆ ਗਿਆ, ਚਿੱਤਰਕਲਾ ਪ੍ਰਦਰਸ਼ਨੀ ਦਾ ਉਦਘਾਟਨ ਪ੍ਰਿੰਸੀਪਲ ਡਾ. ਆਰ. ਕੇ ਤੁਲੀ ਜੀ ਨੇ ਕੀਤਾ, ਉਨ੍ਹਾਂ ਕਿਹਾ ਕਿ ਭਾਰਤ ਦੀ ਆਜ਼ਾਦੀ ਦੇ ਇਤਿਹਾਸ ਵਿੱਚ ਨੇਤਾ ਜੀ ਦਾ ਯੋਗਦਾਨ ਬੇਮਿਸਾਲ ਹੈ, ਜਿਨ੍ਹਾਂ ਨੇ ਭਾਰਤੀ ਸਿਵਲ ਸੇਵਾ ਛੱਡ ਕੇ ਭਾਰਤ ਦੀ ਆਜ਼ਾਦੀ ਅਤੇ ਸਵੈਮਾਣ ਲਈ ਨੌਜਵਾਨਾਂ ਨੂੰ ਸਿਖਲਾਈ ਦਿੱਤੀ। ਜਾਪਾਨ ਅਤੇ ਜਰਮਨੀ ਵਿੱਚ ਆਜ਼ਾਦ ਹਿੰਦ ਫੌਜ ਅਤੇ ਭਾਰਤੀ ਫੌਜ ਦਾ ਗਠਨ ਇੱਕ ਨਵੇਂ ਜੋਸ਼ ਅਤੇ ਉਤਸ਼ਾਹ ਨਾਲ ਕੀਤਾ ਗਿਆ ਸੀ, ਉਨ੍ਹਾਂ ਦੇ ਆਦਰਸ਼ ਅਤੇ ਦੇਸ਼ ਭਗਤੀ ਅੱਜ ਵੀ ਨੌਜਵਾਨ ਪੀੜ੍ਹੀ ਲਈ ਇੱਕ ਮੀਲ ਪੱਥਰ ਹੈ, ਕਲਾ ਵਿਭਾਗ ਦੇ ਦੀਪਾਂਸ਼ੂ ਅਤੇ ਕਿਰਨ ਨੇ ਪੋਸਟਰਾਂ ਰਾਹੀਂ ਉਨ੍ਹਾਂ ਦੇ ਜੋਸ਼ੀਲੇ ਨਾਅਰੇ ਦੀ ਯਾਦ ਦਿਵਾਈ ਮੈਨੂੰ ਖੂਨ ਦਿਓ ਮੈਂ ਤੁਹਾਨੂੰ ਆਜ਼ਾਦੀ ਦਿਆਂਗਾ। ਉਨ੍ਹਾਂ ਨੂੰ ਮਹਾਨ ਸੁਤੰਤਰਤਾ ਸੈਨਾਨੀ ਅਤੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਦੱਸਿਆ ਗਿਆ ।ਪ੍ਰਿੰਸੀਪਲ ਸਾਹਿਬ ਨੇ ਇਹਨਾਂ ਨੂੰ ਸਨਮਾਨਿਤ ਕਰਦੇ ਹੋਏ ਕਰਦੇ ਹੋਏ ਪੜ੍ਹਨ ਸਮੱਗਰੀ ਵੀ ਭੇਂਟ ਕੀਤੀ ਗਈ। ਇਸ ਮੌਕੇ ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਦੀਪਿਕਾ, ਪ੍ਰੋ. ਨੀਲਮ, ਪ੍ਰੋ. ਹਰਸ਼ਿਤ ਭੱਲਾ, ਪ੍ਰੋ. ਕੋਮਲ ਜੋਤੀ ਹਾਜ਼ਰ ਸਨ।

# ਐਸਸੀਡੀ ਸਰਕਾਰੀ ਕਾਲਜ ਦੀ ਐਨਐਸਐਸ ਯੂਨਿਟ ਵੱਲੋਂ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ

ਲੁਧਿਆਣਾ (ਸੁਖਚੈਨ ਮਹਿਰਾ)ਐਸਸੀਡੀ ਸਰਕਾਰੀ ਕਾਲਜ ਦੀ ਐਨਐਸਐਸ ਯੂਨਿਟ ਵੱਲੋਂ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਵੋਕੇਸ਼ਨਲਾਈਜੇਸ਼ਨ ਐਂਡ ਸਕਿੱਲ ਓਰੀਐਂਟੇਸ਼ਨ ਸਕੀਮ ਤਹਿਤ ਕਰਵਾਏ ਗਏ ਇਸ ਸੈਮੀਨਾਰ ਵਿੱਚ ਪ੍ਰੋ: ਗਗਨੀਤ ਪਾਲ ਕੌਰ (ਸਹਾਇਕ ਪ੍ਰੋਫੈਸਰ, ਪੀ.ਜੀ. ਅੰਗਰੇਜ਼ੀ ਵਿਭਾਗ, ਗੁਰੂ ਨਾਨਕ ਖਾਲਸਾ ਕਾਲਜ, ਗੁੱਜਰਖਾਨ ਕੈਂਪਸ, ਲੁਧਿਆਣਾ) ਮੁੱਖ ਬੁਲਾਰੇ ਵਜੋਂ ਪੁੱਜੇ। ਐਨਐਸਐਸ ਪ੍ਰੋਗਰਾਮ ਅਫ਼ਸਰ ਡਾ: ਦੇਵੀਨਾ ਘਈ ਨੇ ਮੁੱਖ ਬੁਲਾਰੇ ਦਾ ਨਿੱਘਾ ਸਵਾਗਤ ਕੀਤਾ ਅਤੇ ਪ੍ਰੋ: ਸ਼ਿਲਪਾ ਸ਼ਰਮਾ, ਪ੍ਰੋ: ਅਮਨਪ੍ਰੀਤ ਕੌਰ ਅਤੇ ਡਾ: ਬਲਜਿੰਦਰ ਸਿੰਘ ਨੇ ਬੂਟੇ ਭੇਟ ਕੀਤੇ ।



ਮੁੱਖ ਬੁਲਾਰੇ ਪ੍ਰੋ. ਗਗਨੀਤ ਪਾਲ ਕੌਰ ਨੇ ਸਿਰਜਣਾਤਮਕ ਲੇਖਣੀ ਦੇ ਵਿਸ਼ੇ ਤੇ ਆਯੋਜਿਤ ਵਰਕਸ਼ਾਪ ਤੇ ਵਿਸਥਾਰ ਨਾਲ ਗੱਲ ਕੀਤੀ ।ਉਸਨੇ ਵਿਦਿਆਰਥੀਆਂ ਨਾਲ ਰਚਨਾਤਮਕ ਲਿਖਤ ਦੇ ਬੁਨਿਆਦੀ ਤੱਤਾਂ ਬਾਰੇ ਚਰਚਾ ਕੀਤੀ ਅਤੇ ਇਸਦੀ ਲੋੜ ਅਤੇ ਮਹੱਤਤਾ ਨੂੰ ਰੇਖਾਂਕਿਤ ਕੀਤਾ। ਮੁੱਖ ਬੁਲਾਰੇ ਨੇ ਵਿਦਿਆਰਥੀਆਂ ਨੂੰ ਛੋਟੇ-ਛੋਟੇ ਵਿਸ਼ਿਆਂ ਦੇ ਨਾਲ ਸਿਰਜਣਾਤਮਕਤਾ ਦੇ ਤੱਤਾਂ ਦੀ ਵਰਤੋਂ ਕਰਨਾ ਸਿਖਾਇਆ। ਇਸ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਅਸੀਂ ਕਹਾਣੀ ਲਿਖਣ ਵਿਚ ਆਪਣੇ ਸੰਵੇਦੀ ਗੁਣਾਂ ਨੂੰ ਕਿਵੇਂ ਸ਼ਾਮਲ ਕਰ ਸਕਦੇ ਹਾਂ। ਇਸੇ ਤਰ੍ਹਾਂ ਇੱਕ ਕਹਾਣੀ ਵਿੱਚ ਪਾਤਰ, ਸੰਵਾਦ, ਆਲੇ-ਦੁਆਲੇ ਦਾ ਮਾਹੌਲ, ਭਾਸ਼ਾ ਆਦਿ ਦਾ ਧਿਆਨ ਕਿਵੇਂ ਰੱਖਿਆ ਜਾ ਸਕਦਾ ਹੈ ? ਇਸ ਲੜੀ ਵਿਚ ਚਿੱਤਰ, ਪ੍ਰਤੀਕ, ਸ਼ੈਲੀ, ਭਾਵਨਾ ਆਦਿ ਨੂੰ ਕਿਵੇਂ ਕਾਇਮ ਰੱਖਿਆ ਜਾ ਸਕਦਾ ਹੈ, ਇਸ ਬਾਰੇ ਗੰਭੀਰਤਾ ਨਾਲ ਚਰਚਾ ਕੀਤੀ ਗਈ। ਇਸ ਵਰਕਸ਼ਾਪ ਨੂੰ ਪ੍ਰੋ: ਗਗਨੀਤ ਨੇ ਪੀ.ਪੀ.ਟੀ ਦੀ ਵਰਤੋਂ ਕਰਕੇ ਬਹੁਤ ਪ੍ਰਭਾਵਸ਼ਾਲੀ ਬਣਾਇਆ। ਸਮੁੱਚੀ ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੇ ਮੁੱਖ ਬੁਲਾਰੇ ਨੂੰ ਕਈ ਸਵਾਲ ਪੁੱਛੇ, ਜਿਨ੍ਹਾਂ ਦੇ ਜਵਾਬ ਮੁੱਖ ਬੁਲਾਰੇ ਵੱਲੋਂ ਦਿੱਤੇ ਗਏ।

ਵਰਕਸ਼ਾਪ ਦੇ ਅੰਤ ਵਿੱਚ ਡਾ: ਸੌਰਭ ਕੁਮਾਰ ਨੇ ਮੁੱਖ ਬੁਲਾਰੇ ਦਾ ਧੰਨਵਾਦ ਕੀਤਾ। ਇਸ ਵਰਕਸ਼ਾਪ ਵਿੱਚ 100 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਨੂੰ ਸਮਾਪਤੀ ਤੋਂ ਬਾਅਦ ਨਾਸ਼ਤਾ ਵੀ ਦਿੱਤਾ ਗਿਆ।

# ਸ੍ਰੀ ਰਾਮ ਭਵਨ ਖਰੜ ਵਿਖੇ ਨੇਤਾ ਜੀ ਸੁਭਾਸ ਚੰਦਰ ਬੋਸ ਦੀ ਜੈਅੰਤੀ ਮਨਾਈ



ਖਰੜ, ( ਕਾਲਾ ਸਿੰਘ ਸੈਣੀ )- ਸ੍ਰੀ ਰਾਮ ਭਵਨ ਦੁਸਾਹਿਰਾ ਗਰਾਊਂਡ ਖਰੜ ਵਿਖੇ ਪਤੰਯਲੀ ਯੋਗਪੀਠ ਹਰਿਦੁਆਰ ਦੁਆਰਾ ਚਲਾਏ ਜਾ ਯੋਗ ਕੈਂਪ ਦੌਰਾਨ ਯੰਗ ਇੰਡੀਆ ਦੇ ਬੈਨਰ ਤਹਿਤ ਸਾਰੀਆਂ ਸੰਸਥਾਵਾਂ ਵਲੋਂ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ ਜੈਅੰਤੀ ਮਨਾਈ ਗਈ। ਸੂਬਾ ਇੰਚਾਰਜ਼ ਜਨਕ ਮੰਗੋਤਰਾ ਦੀ ਟੀਮ ਮੈਂਬਰ ਭਗਵੰਤ ਓਲੀ, ਵਿਕਾਸ ਗੁਪਤਾ, ਬੀ.ਐਸ.ਟੀ. ਜਿਲਾ ਇੰਚਾਰਜ਼ ਨਿਰਮਲ ਕੁਮਾਰ ਦੀ ਟੀਮ ਦੇ ਸਹਿਯੋਗ ਨਾਲ ਇਸ ਪ੍ਰੋਗਰਾਮ ਵਿਚ ਰੋਜ਼ਾਨਾ ਖਰੜ ਸਹਿਰ ਨਿਵਾਸੀਆਂ ਨੂੰ ਸ਼ਹੀਦਾਂ ਦੀ ਬਹਾਦਰੀ ਦੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।

# ਪਿੰਡ ਝੰਜੇੜੀ ਵਿਖੇ ਬਲਾਕ ਕਾਂਗਰਸ ਖਰੜ ਦੀ ਮੀਟਿੰਗ ਹੋਈ



ਖਰੜ,( ਕਾਲਾ ਸਿੰਘ ਸੈਣੀ ) ਕਾਂਗਰਸ ਹਾਈਕਮਾਂਡ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਡਕਰ ਜੀ ਦੇ ਬਾਰੇ ਵਰਤੀ ਭੱਦੀ ਸ਼ਬਦਾਵਲੀ ਖਿਲਾਫ਼ ਅਤੇ ਦਲਿਤ ਸਮਾਜ ਵਿਰੋਧੀ ਭਾਜਪਾ ਸਰਕਾਰ ਅਤੇ ਭਾਰਤੀਆ ਸਵਿਧਾਨ ਦਾ ਅਪਮਾਨ ਕਰਨ ਵਾਲਿਆ ਤੇ ਖਿਲਾਫ ਅੱਜ ਪਿੰਡ ਝੰਜੇੜੀ ਵਿਖੇ ਜੈ ਬਾਪੂ ,ਜੈ ਭੀਮ ,ਜੈ ਸੰਵਿਧਾਨ' ਮੁਹਿੰਮ ਨੂੰ ਜਾਰੀ ਰੱਖਦਿਆਂ ਬਲਾਕ ਕਾਂਗਰਸ ਖਰੜ ਦੇ ਪ੍ਰਧਾਨ ਗੁਰਿੰਦਰ ਸਿੰਘ ਬੈਦਵਾਣ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਦੌਰਾਨ ਮੀਟਿੰਗ ਕੀਤੀ ਗਈ। ਜਿਸ ਵਿੱਚ ਹਲਕਾ ਇੰਚਾਰਜ ਖਰੜ ਕਾਂਗਰਸ ਪਾਰਟੀ ਵਿਜੈ ਸ਼ਰਮਾ ਟਿੰਕੂ ਨੇ ਇਕੱਠ ਨੂੰ ਸੰਬੋਧਨ ਕਰਦਿਆ ਹੋਇਆ ਕਿਹਾ ਕਿ ਭਾਜਪਾ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਤੁਰੰਤ ਬਰਖ਼ਾਸਤ ਕੀਤਾ ਜਾਵੇ ਅਤੇ ਅਜਿਹੇ ਵਿਅਕਤੀਆ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਤਾ ਜੋ ਦੇਸ਼ ਦੇ ਮਹਾਨ ਆਗੂਆ ਖਿਲਾਫ ਕੋਈ ਅਜਿਹੀ ਭੱਦੀ ਸ਼ਬਦਾਵਲੀ ਨਾ ਵਰਤ ਸਕੇ ਸ੍ਰੀ ਟਿੰਕੂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਵਿੱਚ ਲੋਕਤੰਤਰ ਦਾ ਘਾਣ ਕਰਨ ਤੇ ਤੁਲੀ ਹੋਈ ਹੈ ਲੋਕਾ ਵਿੱਚ ਨਫਰਤ ਦਾ ਬੋਲ ਬਾਲਾ ਪੈਦਾ ਕਰ ਰਹੀ ਹੈ ਜਿਸ ਨੂੰ ਹਿੰਦੋਸਤਾਨ ਦੇ ਲੋਕ ਕਦੇ ਵੀ ਬਰਦਾਸ਼ਤ ਨਹੀ ਕਰਨਗੇ ਉਹਨਾ ਸੰਵਿਧਾਨ ਦੀ ਰਾਖੀ ਕਰਨ ਦੀ ਅਪੀਲ ਕੀਤੀ ਇਸ ਮੀਟਿੰਗ ਵਿੱਚ ਗੁਰਿੰਦਰ ਸਿੰਘ ਬੈਦਵਾਣ ਬਲਾਕ ਕਾਂਗਰਸ ਪ੍ਰਧਾਨ ਖਰੜ, ਹੰਸਰਾਜ ਸਿੰਘ ਬੂਥਗੜ ਚੇਅਰਮੈਨ ਐੱਸ ਸੀ ਵਿੰਗ ਕਾਂਗਰਸ ਜਿਲਾ ਮੁਹਾਲੀ,ਮੰਗਤਖਾਨ ਝੰਜੇੜੀ ਮੁੱਖ ਬੁਲਾਰਾ ਕਾਂਗਰਸ ਜਿਲਾ ਮੋਹਾਲੀ,ਗਗਨਦੀਪ ਸਿੰਘ ਤੋਲੇਮਾਜਰਾ ਮੈਂਬਰ ਬਲਾਕ ਸੰਮਤੀ,ਮਾਸਟਰ ਸੁਰਜੀਤ ਸਿੰਘ ਸਵਾੜਾ,ਲਾਭ ਸਿੰਘ ਮੱਛਲੀ ਕਲਾ,ਅਮਨ ਸ਼ਰਮਾ ਝੰਜੇੜੀ ਅਤੇ ਕਰਮਜੀਤ ਸਿੰਘ ਰਾਣਾ ਆਦਿ ਨੇ ਸੰਬੋਧਨ ਕਰਦਿਆ ਹੋਇਆ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ ਇਸ ਮੀਟਿੰਗ ਵਿੱਚ ਹੋਰਨਾ ਤੋ ਇਲਾਵਾ ਪਵਨ ਕੁਮਾਰ ਰਾਣਾ ਮੱਛਲੀ ਕਲਾ, ਮੋਹਨ ਸਿੰਘ ਪੰਚ,ਹਰਮੇਸ਼ ਸਿੰਘ ਮੇਸ਼ੀ,ਗੋਰਵ ਰਾਣਾ, ਮੱਖਣ ਸਿੰਘ,ਰਕੇਸ਼ ਕੁਮਾਰ ਰਾਣਾ,ਰੁਕਮਦੀਨ ਖਾਨ,ਮਹਿੰਦਰ ਸਿੰਘ,ਅਮਰੀਕ ਸਿੰਘ ਚੂਹੜਮਾਜਰਾ,ਸਤਵਿੰਦਰ ਸਿੰਘ ਰਸਨਹੇੜੀ,ਜਸਵੀਰ ਸਿੰਘ ਨੱਗਲ ਫੈਜਗੜ, ਸੋਨੂ ਸ਼ਰਮਾ ਅਤੇ ਕੁਲਦੀਪ ਸਿੰਘ ਓਇੰਦ ਆਦਿ ਹਾਜ਼ਰ ਸਨ।

# ਐਸ.ਡੀ.ਐਮ.ਖਰੜ ਨੂੰ ਸ਼ਹਿਰ ਅੰਦਰ ਨਜਾਇਜ਼ ਕਬਜ਼ੇ ਦੂਰ ਕਰਵਾਉਣ ਲਈ ਦਿੱਤਾ ਪੱਤਰ




ਖਰੜ, ( ਕਾਲਾ ਸਿੰਘ ਸੈਣੀ )- ਖਰੜ ਸ਼ਹਿਰ ਵਿਚ ਨਜਾਇਜ਼ ਤੌਰ ਤੇ ਕੀਤੇ ਗਏ ਕਬਜ਼ਿਆਂ ਨੂੰ ਦੂਰ ਕਰਵਾਉਣ ਅਤੇ ਨਗਰ ਕੌਂਸਲ ਖਰੜ ਦੀ ਹੱਦ ਅੰਦਰ ਸ਼ਰਾਬ ਅਤੇ ਖਾਣ ਪੀਣ ਦੇ ਦੁਕਾਨਾਂ ਦੇ ਖਿਲਾਫ ਕਾਰਵਾਈ ਕਰਨ ਲਈ ਰਾਸ਼ਟਰੀ ਗਊ ਸੇਵਾ ਗਊਸ਼ਾਲਾ ਸੰਘ ਅਤੇ ਸ਼ਿਵ ਸੈਨਾ ਪੰਜਾਬ ਵਲੋਂ ਐਸ.ਡੀ.ਐਮ.ਖਰੜ ਨੂੰ ਮੰਗ ਪੱਤਰ ਦਿੱਤਾ ਗਿਆ। ਰਾਸ਼ਟਰੀ ਗਊ ਸੇਵਾ ਗਊਸ਼ਾਲਾ ਸੰਘ ਦੇ ਪ੍ਰਧਾਨ ਭੁਪਿੰਦਰ ਸ਼ਰਮਾ ਨੇ ਦਸਿਆ ਕਿ ਸ਼ਹਿਰ ਵਿਚ ਵੱਖ ਵੱਖ ਥਾਵਾਂ ਤੇ ਨਜਾਇਜ਼ ਰੇਹੜੀ, ਫੜੀਆਂ ਲਗਾ ਕੇ ਦੁਕਾਨਦਾਰ ਉਨਾਂ ਤੋਂ ਕਥਿਤ ਤੌਰ ਤੇ ਰਕਮਾਂ ਵਸੂਲਤੇ ਹਨ ਤੇ ਇਸ ਬਾਰੇ ਕੌਸਲ ਨੂੰ ਪਤਾ ਹੋਣ ਦੇ ਬਾਵਜੂਦ ਕੋਈ ਕਾਰਵਾਈ ਨਹੀ ਕੀਤੀ ਜਾ ਰਹੀ। ਉਨਾਂ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਇਹੋ ਜਿਹੇ ਦੁਕਾਨਦਾਰਾਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।ਐਸ ਡੀ ਐਮ ਗੁਰਮੰਦਰ ਸਿੰਘ ਨੇ ਭਰੋਸਾ ਦਿਵਾਇਆ ਕਿ ਇਹ ਪੱਤਰ ਅਗਲੀ ਕਾਰਵਾਈ ਲਈ ਨਗਰ ਕੌਂਸਲ ਖਰੜ ਨੂੰ ਭੇਜ ਦਿੱਤਾ ਜਾਵੇਗਾ। ਇਸ ਮੌਕੇ ਰਾਜੇਸ਼ ਮਲਿਕ, ਮੋਹਿਤ ਕੁਮਾਰ, ਪੰਡਿਤ ਚੰਦਨ ਮਿਸ਼ਰਾ, ਅਮਿੱਤ ਸੇਠੀ ਸਮੇਤ ਹੋਰ ਅਹੁੱਦੇਦਾਰ ਵੀ ਹਾਜ਼ਰ ਸਨ।

# ਕਾਨਪੁਰ: ਸਹੀ ਇਲਾਜ ਦੀ ਘਾਟ ਕਾਰਨ ਬੇਵਕਤੀ ਮੌਤ ਹੁੰਦੀ ਹੈ: ਡਾ. ਦਿਵੇਦੀ



ਕਾਨਪੁਰ(ਸੁਨੀਲ ਬਾਜਪਾਈ) ਜ਼ਿਆਦਾਤਰ ਲੋਕ ਸਹੀ ਇਲਾਜ ਦੀ ਘਾਟ ਕਾਰਨ ਸਮੇਂ ਤੋਂ ਪਹਿਲਾਂ ਮਰ ਜਾਂਦੇ ਹਨ। ਇਸ ਲਈ ਸਹੀ ਇਲਾਜ ਕਰਵਾਉਣ ਵਿੱਚ ਕੋਈ ਲਾਪਰਵਾਹੀ ਨਹੀਂ ਕਰਨੀ ਚਾਹੀਦੀ। ਸਹੀ ਇਲਾਜ ਮੁਹੱਈਆ ਕਰਵਾਉਣ ਵਿੱਚ ਕੋਈ ਲਾਪਰਵਾਹੀ ਨਹੀਂ ਹੋਣੀ ਚਾਹੀਦੀ। ਇਸੇ ਕ੍ਰਮ ਵਿੱਚ, ਲੋਕਾਂ ਨੂੰ ਘਾਤਕ ਠੰਡ ਪ੍ਰਤੀ ਜਾਗਰੂਕ ਕਰਦੇ ਹੋਏ, ਪ੍ਰਸਿੱਧ ਡਾਕਟਰ ਡਾ. ਆਰ.ਐਨ. ਦਿਵੇਦੀ ਨੇ ਇੱਥੇ ਕਿਹਾ ਕਿ ਹਰ ਸਾਲ, ਘਾਤਕ ਠੰਡ ਪ੍ਰਤੀ ਲਾਪਰਵਾਹੀ ਕਾਰਨ, ਲੋਕ ਮੌਤ ਦਾ ਸ਼ਿਕਾਰ ਹੋਣ ਤੋਂ ਨਹੀਂ ਬਚ ਪਾਉਂਦੇ। ਜਾਣਕਾਰੀ ਅਨੁਸਾਰ, ਠੰਢ ਦੀ ਲਹਿਰ ਹਰ ਸਾਲ ਘੱਟੋ-ਘੱਟ ਇੱਕ ਦਰਜਨ ਲੋਕਾਂ ਦੀ ਜਾਨ ਲੈਂਦੀ ਹੈ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਬਜ਼ੁਰਗ ਹੁੰਦੇ ਹਨ। ਇਸ ਦੇ ਨਾਲ ਹੀ ਬੱਚੇ ਵੀ ਠੰਡ ਦੇ ਪ੍ਰਭਾਵਾਂ ਤੋਂ ਨਹੀਂ ਬਚ ਸਕਦੇ। ਇਸ ਘਾਤਕ ਠੰਢ ਤੋਂ ਲੋਕਾਂ ਨੂੰ ਸਾਵਧਾਨ ਕਰਦੇ ਹੋਏ, ਅੰਬੇਡਕਰ ਨਗਰ ਗੁਜੈਨੀ ਦੇ ਮਾਂ ਬਿੰਦੇਸ਼ਵਰੀ ਹਸਪਤਾਲ ਦੇ ਚੇਅਰਮੈਨ, ਡਾ. ਆਰ. ਐਨ. ਦਿਵੇਦੀ, ਜੋ ਕਿ ਸਫਲ ਦਵਾਈ ਦੇ ਖੇਤਰ ਵਿੱਚ ਮੋਹਰੀ ਹਨ, ਨੇ ਇੱਥੇ ਕਿਹਾ ਕਿ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਕਠੋਰ ਸਰਦੀ ਵਿੱਚ ਲਾਪਰਵਾਹੀ ਵੀ ਬੇਵਕਤੀ ਮੌਤ ਦਾ ਕਾਰਨ ਬਣ ਸਕਦੀ ਹੈ। ਲੋਕਾਂ ਹੈ। ਹੁੰਦਾ ਹੈ। ਇੰਨਾ ਹੀ ਨਹੀਂ, ਇਸ ਵਿੱਚ ਦਿਖਾਈ ਗਈ ਲਾਪਰਵਾਹੀ ਬੱਚਿਆਂ ਲਈ ਵੀ ਖ਼ਤਰਾ ਪੈਦਾ ਕਰਦੀ ਹੈ। ਤੁਹਾਨੂੰ ਦੱਸ ਦੇਈਏ ਕਿ ਘਾਤਕ ਠੰਢ ਹਰ ਸਾਲ ਇੱਕ ਦਰਜਨ ਤੋਂ ਵੱਧ ਲੋਕਾਂ ਦੀ ਮੌਤ ਦਾ ਕਾਰਨ ਬਣਦੀ ਹੈ, ਜਿਸ ਵਿੱਚ ਜ਼ਿਆਦਾਤਰ ਬਜ਼ੁਰਗ ਅਤੇ ਭਿਖਾਰੀ ਆਦਿ ਹੁੰਦੇ ਹਨ। ਘਾਤਕ ਠੰਡ ਤੋਂ ਸਰੀਰ ਨੂੰ ਗਰਮ ਰੱਖਣ ਅਤੇ ਠੰਡੀ ਹਵਾ ਤੋਂ ਬਚਾਉਣ ਦੀ ਸਖ਼ਤ ਜ਼ਰੂਰਤ ਬਾਰੇ ਦੱਸਦੇ ਹੋਏ, ਉਹ ਆਪਣੇ ਸਸਤੇ ਅਤੇ ਪ੍ਰਭਾਵਸ਼ਾਲੀ ਪਰਉਪਕਾਰੀ ਇਲਾਜ ਲਈ ਜਾਣੇ ਜਾਂਦੇ ਹਨ। ਸਫਲ ਡਾਕਟਰ, ਸਮਾਜ ਸੇਵਕ ਅਤੇ ਸਰਵ ਬ੍ਰਾਹਮਣ ਵਿਕਾਸ ਪ੍ਰੀਸ਼ਦ, ਕਾਨਪੁਰ ਪ੍ਰਾਂਤ ਦੇ ਜਨਰਲ ਸਕੱਤਰ ਵੀ। ਡਾ. ਆਰ.ਐਨ. ਦਿਵੇਦੀ ਗੁਜੈਨੀ ਨੇ ਕਿਹਾ ਕਿ ਜ਼ੁਕਾਮ ਦਾ ਪ੍ਰਕੋਪ ਜ਼ਿਆਦਾਤਰ ਸਮੇਂ ਬਜ਼ੁਰਗਾਂ ਲਈ ਘਾਤਕ ਸਾਬਤ

# ਪੰਜਾਬ ਕੈਮਿਸਟ ਐਸੋਸੀਏਸ਼ਨ ਵੱਲੋਂ ਪੰਜਾਬ ਦੇ 23 ਜਿਲਿਆਂ ਵਿੱਚ ਅੱਜ ਲਗਾਏ ਜਾਣਗੇ ਖੂਨਦਾਨ ਕੈਂਪ- ਸੁਰਿੰਦਰ ਦੁਗਲ




ਅੰਮ੍ਰਿਤਸਰ,(ਲੋਕ ਬਾਣੀ) -ਆਲ ਇੰਡੀਆ ਕੈਮਿਸਟ ਐਂਡ ਡਰੱਗਸਿਟ ਨਾਲ ਸੰਬੰਧਿਤ ਪੰਜਾਬ ਕੈਮਿਸਟ ਐਸੋਸੀਏਸ਼ਨ ਰਜਿ: ਵੱਲੋਂ ਪੰਜਾਬ ਦੇ ਵੱਖ-ਵੱਖ 23 ਜ਼ਿਲਿਆਂ ਦੇ ਵਿੱਚ 24 ਜਨਵਰੀ 2025, ਦਿਨ ਸ਼ੁਕਰਵਾਰ ਨੂੰ ਵਿਸ਼ਾਲ ਖ਼ੂਨ ਦਾਨ ਕੈਂਪ ਲਗਾਏ ਜਾਣਗੇ। ਇਸ ਸਬੰਧੀ ਪ੍ਰਧਾਨ ਸੁਰਿੰਦਰ ਦੁੱਗਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਲ ਇੰਡੀਆ ਦੇ ਪ੍ਰਧਾਨ ਜੇ.ਐਸ ਸ਼ਿੰਦੇ ਦੇ 75ਵੇਂ ਜਨਮ ਦਿਨ ਅਤੇ ਆਲ ਇੰਡੀਆ/ਪੰਜਾਬ ਦੇ 50 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਪੂਰੇ ਪੰਜਾਬ ਦੇ ਵੱਖ-ਵੱਖ ਜਿਲਿਆਂ ਵਿੱਚ ਕੈਂਪ ਲਗਾਏ ਜਾ ਰਹੇ ਹਨ। ਜਿਸ ਦੌਰਾਨ ਕਰੀਬ 75 ਹਜਾਰ ਯੂਨਿਟ ਬਲੱਡ ਇਕੱਠਾ ਕਰਨ ਦਾ ਟੀਚਾ ਰੱਖਿਆ ਗਿਆ ਹੈ। ਅਗਰ ਇਹ ਟੀਚਾ ਪੂਰਾ ਹੁੰਦਾ ਹੈ ਤਾਂ ਗਿੰਨੀ ਬੁੱਕ ਆਫ ਰਿਕਾਰਡ ਵਿੱਚ ਇਹ ਰਿਕਾਰਡ ਦਰਜ ਹੋ ਜਾਵੇਗਾ ਉਹਨਾਂ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਸਵੇਰੇ 10 ਵਜੇ ਤੋਂ ਲੈ ਕੇ 3 ਵਜੇ ਤੱਕ ਲੱਗਣਗੇ। ਅੰਮ੍ਰਿਤਸਰ ਵਿਖੇ ਲਗਾਇਆ ਜਾਣ ਵਾਲਾ ਖ਼ੂਨਦਾਨ ਕੈਂਪ ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਦਫਤਰ ਲਿਬੋਨ ਫਾਰਮਾ, ਕਟਰਾ ਸ਼ੇਰ ਸਿੰਘ,ਅੰਮ੍ਰਿਤਸਰ ਵਿਖੇ ਲਗਾਇਆ ਜਾਵੇਗਾ ਉਹਨਾਂ ਨੇ ਸ਼ਹਿਰ ਵਾਸੀਆਂ ਅਤੇ ਖਾਸ ਕਰਕੇ ਨੌਜਵਾਨ ਵਰਗ ਨੂੰ ਖ਼ੂਨਦਾਨ ਕੈਂਪ ਵਿੱਚ ਹਿੱਸਾ ਲੈਣ ਲਈ ਪੁਰਜੋਰ ਅਪੀਲ ਕੀਤੀ ਹੈ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪੰਜਾਬ ਦੇ ਐਫ.ਡੀ.ਏ ਕਮਿਸ਼ਨਰ ਅਭਿਨਵ ਤ੍ਰਿਖਾ ਨਾਲ ਕੈਮਿਸਟਾਂ ਦੀਆਂ ਮੁਸ਼ਕਲਾਂ ਨੂੰ ਲੈ ਕੇ ਬੈਠਕ ਅਯੋਜਿਤ -ਸੁਰਿੰਦਰ ਦੁਗਲ



ਅੰਮ੍ਰਿਤਸਰ, (ਲੋਕ ਬਾਣੀ)- ਆਲ ਇੰਡੀਆ ਕੈਮਿਸਟ ਐਂਡ ਡਰੱਗਸਿਟ ਨਾਲ ਸੰਬੰਧਿਤ ਪੰਜਾਬ ਕੈਮਿਸਟ ਐਸੋਸੀਏਸ਼ਨ ਰਜਿ: ਵੱਲੋਂ ਕੈਮਿਸਟਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਦੇ ਸੰਬੰਧ ਵਿੱਚ ਗੱਲਬਾਤ ਕਰਨ ਲਈ ਪੰਜਾਬ ਡੀ ਐਫ ਏ ਕਮਿਸ਼ਨਰ ਅਭਿਨਵ ਤ੍ਰਿਖਾ ਦੇ ਨਾਲ ਚੰਡੀਗੜ੍ਹ ਵਿਖੇ ਬੈਠਕ ਕੀਤੀ ਗਈ। ਜਿਸ ਦੌਰਾਨ ਐਸੋਸੀਏਸ਼ਨ ਵੱਲੋਂ ਮੰਗ ਪੱਤਰ ਵੀ ਦਿੱਤਾ ਗਿਆ। ਜਿਸ ਦੌਰਾਨ ਕਮਿਸ਼ਨਰ ਡਰੱਗ ਪੰਜਾਬ ਸੰਜੀਵ ਗਰਗ,ਅਸਿਸਟੈਂਟ ਗੁਰਵਿੰਦਰ ਸਿੰਘ ਅਤੇ ਜੋਨਲ ਡਰੱਗ ਕਰਨ ਸ਼ਰਮਾ ਵੀ ਮੌਜੂਦ ਸਨ। ਪੰਜਾਬ ਦੇ ਪ੍ਰਧਾਨ ਸੁਰਿੰਦਰ ਦੁੱਗਲ ਨੇ ਜਾਣਕਾਰੀ ਦੌਰਾਨ ਦੱਸਿਆ ਕਿ ਕੈਮਿਸਟਾਂ ਨੂੰ ਆਪਣੇ ਕਾਰੋਬਾਰ ਕਰਨ ਦੌਰਾਨ ਅਨੇਕਾਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਨੂੰ ਲੈ ਕੇ ਡਰੱਗ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਬੈਠਕ ਆਯੋਜਿਤ ਕਰਦੇ ਹੋਏ ਮੁੱਦਿਆਂ ਨੂੰ ਸਾਂਝਾ ਕੀਤਾ ਗਿਆ। ਉਹਨਾਂ ਨੇ ਦੱਸਿਆ ਕਿ ਮੁੱਖ ਮੰਗਾਂ ਦੇ ਤਹਿਤ ਪੁਲਿਸ ਵਿਭਾਗ ਦੀ ਤਾਨੇਸ਼ਾਹੀ,ਡਰੱਗ ਪੋਲਿਸੀ 2022 ਦੀ ਸੋਧ,ਨਜਾਇਜ਼ ਤਰੀਕੇ ਨਾਲ ਆਨਲਾਈਨ ਫਾਰਮਸੀ ਨੂੰ ਚੈੱਕ ਕਰਨਾ, ਡਰੱਗ ਲਾਇਸੈਂਸ ਰਿਨਿਊ ਕਰਨ ਤੇ ਪਾਸਵਰਡ ਅਪਲਾਈ ਕਰਨ ਵਾਲੇ ਨੂੰ ਪਾਸਵਰਡ ਨਾ ਦੇਣਾ,ਰਿਨਿਊ ਕਰਨ ਦੌਰਾਨ ਦੁਬਾਰਾ ਕਾਗਜ਼ਾ ਲੈਣਾ, ਜੋ ਨਜਾਇਜ਼ ਦਵਾਈਆਂ ਵੇਚਦੇ ਹਨ ਉਸ ਜਨ ਔਸ਼ਧੀ ਦੁਕਾਨਾਂ ਦੀ ਚੈਕਿੰਗ ਕਰਨਾ,ਫਾਰਮੇਸੀ ਐਕਟ ਦੇ ਨਿਯਮਾਂ ਅਨੁਸਾਰ ਜੋ ਡਿਸਕਾਊਂਟ ਨਾਲ ਸੰਬੰਧਿਤ ਨਜਾਇਜ਼ ਬੋਰਡ ਲਗਾਏ ਗਏ ਹਨ ਉਹਨਾਂ ਖਿਲਾਫ ਡਰੱਗ ਵਿਭਾਗ ਵੱਲੋਂ ਕਾਰਵਾਈ ਕਰਨਾ,ਸੈਂਟਰਲ ਬਿਊਰੋ ਨਾਰਕਟਿੰਗ ਦੁਆਰਾ ਸਰਕੁਲਰ 13,ਮਿਤੀ 5 ਅਗਸਤ 2024 ਅਤੇ 22 ਅਗਸਤ 2024 ਤਹਿਤ ਹੋਲਸੇਲ ਅਤੇ ਰਿਟੇਲ ਤੇ ਲਾਗੂ ਨਾ ਹੋਣਾ,ਹੋਲਸੇਲ ਮਾਰਕੀਟ ਵਿੱਚ ਰਿਟੇਲ ਲਾਇਸੰਸ ਨਾ ਦੇਣਾ,ਸਿਹਤ ਵਿਭਾਗ ਦੀ ਐਡਵਾਈਜਰੀ ਬੋਰਡ ਸਥਾਪਿਤ ਕਰਨਾ ਆਦਿ ਆਦਿ ਮੁੱਖ ਹਨ।

ਸੁਰਿੰਦਰ ਦੁੱਗਲ ਨੇ ਦੱਸਿਆ ਕਿ ਡਾ.ਅਭਿਨਵ ਤ੍ਰਿਖਾ ਨੇ ਵੱਲੋਂ ਸਾਰੇ ਮੁੱਦੇ ਸੁਣਨ ਉਪਰੰਤ ਇੱਕ ਵਿਸ਼ੇਸ਼ ਬੈਠਕ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਪੁਲਿਸ ਅਧਿਕਾਰੀਆਂ ਨਾਲ ਚੰਡੀਗੜ੍ਹ ਵਿਖੇ ਕਰਵਾਉਣ ਦਾ ਭਰੋਸਾ ਦਿੱਤਾ ਤਾਂ ਕਿ ਕੈਮਿਸਟਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾ ਸਕੇ। ਅਭਿਨਵ ਤ੍ਰਿਖਾ ਨੇ ਬਾਕੀ ਮੁੱਦਿਆਂ ਨੂੰ ਹੱਲ ਕਰਨ ਲਈ ਛੇਤੀ ਨੋਟੀਫਿਕੇਸ਼ਨ ਜਾਰੀ ਕਰਨ ਦਾ ਵਿਸ਼ਵਾਸ ਵੀ ਦਿੱਤਾ ਅਤੇ ਕਿਹਾ ਕਿ ਨਵੀਂ ਪੋਲਸੀ ਛੇਤੀ ਜਾਰੀ ਕੀਤੀ ਜਾਵੇਗੀ। ਇਸ ਮੌਕੇ ਤੇ ਜੀ.ਐਸ ਚਾਵਲਾ, ਅਮਰਦੀਪ ਸਿੰਘ,ਸੁਦਰਸ਼ਨ ਚੌਧਰੀ,ਲਵਲੀ ਡਾਬਰ,ਰਜੀਵ ਜੈਨ,ਸੰਜੀਵ ਚੌਧਰੀ,ਸੋਨੀਤ ਸ਼ਰਮਾ,ਰਵਿੰਦਰ ਭਾਟੀਆ, ਨਿਸ਼ਾਤ ਅਰੋੜਾ ਵੀ ਮੌਜੂਦ ਸਨ।

# ਸਿਹਤ ਵਿਭਾਗ ਵੱਲੋਂ ਸਕੂਲ ਹੈਲਥ ਪ੍ਰੋਗਰਾਮ ਦੇ ਤਹਿਤ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਸੰਪਨ



ਅੰਮ੍ਰਿਤਸਰ (ਲੋਕ ਬਾਣੀ)- ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਜਿਲਾ ਟੀਕਾਕਰਨ ਅਫਸਰ ਡਾਕਟਰ ਭਾਰਤੀ ਧਵਨ ਦੀ ਅਗਵਾਈ ਹੇਠ ਸਕੂਲ ਟੀਚਰਾਂ ਦੀ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਸਫਲਤਾ ਪੂਰਵਕ ਸੰਪੰਨ ਹੋਈ। ਇਸ ਦੌਰਾਨ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ ਵੱਲੋਂ ਦੱਸਿਆ ਕਿ ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦਾ ਸਿਹਤਮੰਦ ਵਿਕਾਸ, ਭਾਵਨਾਤਮਕ ਤੰਦਰੁਸਤੀ ਤੇ ਮਾਨਸਿਕ ਸਿਹਤ, ਪੋਸ਼ਣ ਸਿਹਤ ਤੇ ਸਵੱਛਤਾ, ਪ੍ਰਜਨਨ ਸਿਹਤ ਤੇ ਐਚ.ਆਈ.ਵੀ. ਦੀ ਰੋਕਥਾਮ, ਲਿੰਗ ਸਮਾਨਤਾ, ਪਰਸਪਰ ਸੰਬੰਧ, ਪਦਾਰਥਾਂ ਦੀ ਦੁਰਵਰਤੋਂ ਤੇ ਰੋਕਥਾਮ, ਕਦਰਾਂ ਕੀਮਤਾਂ ਤੇ ਜਿੰਮੇਵਾਰੀਆਂ, ਸਿਹਤਮੰਦ ਜੀਵਨ ਦਾ ਪ੍ਰਭਾਵ, ਹਿੰਸਾ ਤੇ ਸੱਟਾਂ ਵਿਰੁੱਧ ਸੁਰੱਖਿਆ, ਇੰਟਰਨੈਟ ਗੈਜਟ ਤੇ ਮੀਡੀਆ ਦੀ ਸੁਰੱਖਿਅਤ ਵਰਤੋਂ ਆਦਿ ਬਾਰੇ ਬੜੇ ਹੀ ਵਿਸਥਾਰ ਨਾਲ ਟ੍ਰੇਨਿੰਗ ਦਿੱਤੀ ਗਈ ਹੈ। ਜਿਸ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦੀ ਸਿਹਤ ਸੰਭਾਲ ਪ੍ਰਤੀ ਉਹਨਾਂ ਨੂੰ ਜਾਗਰੂਕ ਕਰਨਾ ਤਾਂ ਜੋ ਬੱਚਿਆਂ ਦੀ ਕਿਸ਼ੋਰ ਅਵਸਥਾ ਵਿੱਚ ਚੰਗੀ ਸਿਹਤ ਸੰਭਾਲ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਤੇ ਸਕੂਲ ਹੈਲਥ ਨੋਡਲ ਅਫਸਰ ਡਾ ਸੁਨੀਤ ਗੁਰਮ ਗੁਪਤਾ, ਡਾ ਅੰਜੂ ਅਤੇ ਮੈਡਮ ਰੋਹਿਨੀ ਵੱਲੋਂ ਸਮੂਹ ਟੀਚਰਾਂ ਨੂੰ ਬੜੇ ਵਿਸਤਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਟਰੇਨਿੰਗ ਉਪਰੰਤ ਸਮੂਹ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ ।ਇਸ ਮੌਕੇ ਜਿਲਾ ਐਮ.ਈ. ਆਈ.ਓ. ਅਮਰਦੀਪ ਸਿੰਘ, ਸਕੂਲ ਹੈਲਥ ਕੋਆਰਡੀਨੇਟਰ ਲਵਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਵਿਸ਼ਵ ਬੈਂਕ ਦੀ ਟੀਮ ਨੇ ਸ਼ਹਿਰ ਦਾ ਦੌਰਾ ਕਰਕੇ ਲਿਆ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ



ਅੰਮ੍ਰਿਤਸਰ, (ਲੋਕ ਬਾਣੀ) - ਸ਼ਹਿਰ ਵਿੱਚ ਲੋਕਾਂ ਨੂੰ ਲਗਾਤਾਰ ਸਾਫ ਪਾਣੀ ਦੀ ਸਪਲਾਈ ਲਈ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਨੇ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ (ਏ.ਬੀ.ਡਬਲਯੂ.ਐੱਸ.ਐੱਸ.) ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਵਿਸ਼ਵ ਬੈਂਕ ਦੀ ਛੇ ਮੈਂਬਰੀ ਟੀਮ ਵਲੋਂ ਸ਼ਹਿਰ ਦਾ ਦੌਰਾ ਕੀਤਾ ਗਿਆ। ਜਿਕਰ ਜੋਗ ਹੈ ਕਿ ਨਗਰ ਨਿਗਮ ਵਲੋਂ ਵਿਸ਼ਵ ਬੈਂਕ ਦੇ ਸਹਿਯੋਗ ਨਾਲ ਪੰਜਾਬ ਮਿਉਂਸਪਲ ਸਰਵਿਸਿਜ਼ ਇੰਪਰੂਵਮੈਂਟ ਪ੍ਰੋਜੈਯੋਗ ਚਲਾਇਆ ਜਾ ਰਿਹਾ ਹੈ। ਜਿਸ ਤਹਿਤ ਆਉਣ ਵਾਲੇ ਸਮੇਂ ਵਿੱਚ ਅੱਪਰ ਬਾਰੀ ਦੁਆਬ ਨਹਿਰ ਦਾ ਪਾਣੀ ਸਾਫ਼ ਕਰਕੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ। ਇਸ ਪ੍ਰੋਜੈਕਟ ਤਹਿਤ ਵੱਲਾ ਵਿਖੇ ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਦੀ ਉਸਾਰੀ, ਸ਼ਹਿਰ ਵਿੱਚ 118 ਕਿਲੋਮੀਟਰ ਲੰਬੀ ਪਾਈਪ ਲਾਈਨ ਵਿਛਾਉਣ ਦੇ ਨਾਲ-ਨਾਲ 51 ਨਵੀਆਂ ਪਾਣੀ ਦੀਆਂ ਟੈਂਕੀਆਂ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਆਪਣੇ ਦੋ ਦਿਨਾਂ ਦੌਰੇ ਦੌਰਾਨ, ਵਿਸ਼ਵ ਬੈਂਕ ਦੀ ਟੀਮ ਨੇ ਰਣਜੀਤ ਐਵੀਨਿਊ, ਗੋਲਾਬਾਗ, ਕੋਟ ਖਾਲਸਾ, ਗੁਰੂ ਕੀ ਵਡਾਲੀ, ਲਾਹੌਰੀ ਗੇਟ, ਛੇਹਰਟਾ ਵਿਖੇ ਬਣ ਰਹੀਆਂ ਪਾਣੀ ਦੀਆਂ ਟੈਂਕੀਆਂ ਅਤੇ ਪਾਈਪ ਲਾਈਨਾਂ ਦੇ ਨਾਲ-ਨਾਲ ਵੱਲਾ ਵਿਖੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਦੌਰਾ ਕਰਕੇ ਉਸਾਰੀ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਸਮੇਂ ਦੌਰਾਨ, ਵਿਸ਼ਵ ਬੈਂਕ ਦੀ ਟੀਮ ਨੇ ਪ੍ਰੋਜੈਕਟ ਦੀ ਠੇਕੇਦਾਰ ਕੰਪਨੀ ਲਾਰਸਨ ਐਂਡ ਟੂਬਰੋ ਦੇ ਅਧਿਕਾਰੀਆਂ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਵੱਖ-ਵੱਖ ਮੀਟਿੰਗਾਂ ਵੀ ਕੀਤੀਆਂ ਤਾਂ ਜੋ ਪ੍ਰੋਜੈਕਟ ਦੇ ਨਿਰਮਾਣ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕੀਤੀ ਜਾ ਸਕੇ। ਦੌਰੇ ਦੇ ਦੂਜੇ ਦਿਨ, ਵਿਸ਼ਵ ਬੈਂਕ ਦੀ ਟੀਮ ਨੇ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਤੇ ਵਧੀਕ ਕਮਿਸ਼ਨਰ ਸੁਰਿੰਦਰ ਸਿੰਘ ਨਾਲ ਪ੍ਰੋਜੈਕਟ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਇਸ ਦੌਰਾਨ ਨਿਗਮ ਕਮਿਸ਼ਨਰ ਨੇ ਦੱਸਿਆ ਕਿ ਪ੍ਰੋਜੈਕਟ ਦੇ ਕੰਮ ਨੂੰ ਤੇਜ਼ ਕਰਨ ਲਈ ਕਈ ਯਤਨ ਕੀਤੇ ਗਏ ਹਨ, ਨਤੀਜੇ ਵਜੋਂ ਨਿਰਮਾਣ ਕਾਰਜ ਵਿੱਚ ਤੇਜ਼ੀ ਦੇਖੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅਧਿਕਾਰੀਆਂ ਦੇ ਯਤਨਾਂ ਸਦਕਾ, ਵੱਲਾ ਆਰਮਜ਼ ਡਿਪੂ ਨੇੜੇ ਪਾਈਪਲਾਈਨ ਵਿਛਾਉਣ ਲਈ ਰੱਖਿਆ ਮੰਤਰਾਲੇ ਤੋਂ ਐਨਓਸੀ, ਜੋ ਕਿ ਲੰਬੇ ਸਮੇਂ ਤੋਂ ਲੰਬਿਤ ਸੀ, ਪ੍ਰਾਪਤ ਹੋ ਗਿਆ ਹੈ ਅਤੇ ਪਾਈਪਲਾਈਨ ਵਿਛਾਉਣ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਕੰਮ ਨੂੰ ਤੇਜ਼ ਕਰਨ ਲਈ, ਲਾਰਸਨ ਐਂਡ ਟੂਬਰੋ ਕੰਪਨੀ ਵੱਲੋਂ ਕਰਮਚਾਰੀਆਂ ਦੀ ਗਿਣਤੀ ਵਧਾਉਣ ਲਈ ਪ੍ਰਵਾਸੀ ਅਤੇ ਸਥਾਨਕ ਮਜ਼ਦੂਰਾਂ ਨੂੰ ਪ੍ਰੋਜੈਕਟ ਦੇ ਕੰਮ ਲਈ ਲਿਆਂਦਾ ਜਾ ਰਿਹਾ ਹੈ।

# ਜਨਮ ਦਿਨ ਮੁਬਾਰਕ




ਇਬਾਦਤ ਕੌਰ ਸੋਹੀ ਕੈਨੇਡਾ
ਮਾਤਾ -ਅਰਸ਼ਦੀਪ ਕੌਰ
ਪਿਤਾ- ਪਰਮਿੰਦਰ ਸਿੰਘ ਸੋਹੀ
ਫਰੀਦਪੁਰ ਕਲਾਂ

# ਕੇਅਰ ਹੈਲਥ ਇੰਸ਼ੋਰੈਂਸ ਨੇ ਇੱਕ ਨਵੀਂ ਯੋਜਨਾ, ਅਲਟੀਮੇਟ ਕੇਅਰ ਹੈਲਥ ਇੰਸ਼ੋਰੈਂਸ ਨਿਊ ਏਰਾ ਲਾਂਚ ਕੀਤੀ

ਲੁਧਿਆਣਾ (ਲੋਕ ਬਾਣੀ): ਭਾਰਤ ਦੇ ਪ੍ਰਮੁੱਖ ਸਿਹਤ ਸੰਭਾਲ ਪ੍ਰਦਾਤਾਵਾਂ ਵਿੱਚੋਂ ਇੱਕ, ਕੇਅਰ ਹੈਲਥ ਇੰਸ਼ੋਰੈਂਸ ਨੇ ਆਧੁਨਿਕ ਸਿਹਤ ਬੀਮਾ ਅਲਟੀਮੇਟ ਕੇਅਰ ਦੀ ਸ਼ੁਰੂਆਤ ਦਾ ਐਲਾਨ ਕੀਤਾ, ਜੋ ਕਿ ਕੇਅਰ ਇੰਸ਼ੋਰੈਂਸ ਤੋਂ ਸਿਹਤ ਬੀਮੇ ਵਿੱਚ ਇੱਕ ਨਵਾਂ ਉੱਦਮ ਹੈ। , ਅਲਟੀਮੇਟ ਕੇਅਰ ਜੁਆਲਾਮੁਖੀ ਦੇ ਨਾਲ-ਨਾਲ ਡਾਕਟਰੀ ਐਮਰਜੈਂਸੀ ਨੂੰ ਕਵਰ ਕਰਦਾ ਹੈ ਅਤੇ ਤੁਹਾਨੂੰ ਸਿਹਤਮੰਦ ਰਹਿਣ ਲਈ ਇਨਾਮ ਦਿੰਦਾ ਹੈ । ਅਲਟੀਮੇਟ ਕਾਰ ਮਨੀਬੈਕ ਵਿਸ਼ੇਸ਼ਤਾ ਜਿਸ ਵਿੱਚ ਵਿਆਪਕ ਸਿਹਤ ਬੀਮਾ ਸ਼ਾਮਲ ਹੈ ਜਿੱਥੇ ਸਿਹਤ ਧਾਰਕ ਨੂੰ ਸਿਹਤਮੰਦ ਰਹਿਣ ਲਈ ਇਨਾਮ ਦਿੱਤਾ ਜਾਵੇਗਾ। 5 ਸਾਲਾਂ ਤੱਕ ਕੋਈ ਦਾਅਵਾ ਨਾ ਕੀਤੇ ਜਾਣ ਤੋਂ ਬਾਅਦ ਕੰਪਨੀ ਪਹਿਲੇ ਸਾਲ ਦਾ ਮੂਲ ਪ੍ਰੀਮੀਅਮ ਵਾਪਸ ਕਰ ਦਿੰਦੀ ਹੈ। ਇਸ ਉਤਪਾਦ ਦੀ ਲੌਇਲਟੀ ਬੂਸਟ ਵਿਸ਼ੇਸ਼ਤਾ ਵਾਧੂ ਸੈਮ ਬੀਮਾਯੁਕਤ ਵਿਅਕਤੀ ਨੂੰ ਦਿੰਦੀ ਹੈ ਜੋ ਕਿ 7 ਸਾਲਾਂ ਤੱਕ ਬਿਨਾਂ ਦਾਅਵੇ ਦੇ ਕਾਉਂਸਲਿੰਗ ਦੇ ਪਹਿਲੇ ਸਾਲ ਦੇ ਬਰਾਬਰ ਹੈ, ਇਸੇ ਤਰ੍ਹਾਂ ਇਨਫਿਨਿਟੀ ਬੂਸਟ ਕੁੱਲ ਬੋਨਸ ਨੂੰ ਸੀਮਤ ਨਹੀਂ ਕਰਦਾ ਹੈ ਅਤੇ ਹਰ ਸਾਲ ਸਹਾਇਕ ਦੇ ਬੋਨਸ ਦਾ 100 ਪ੍ਰਤੀਸ਼ਤ ਦਿੰਦਾ ਹੈ - ਭਾਵੇਂ ਕਿੰਨਾ ਵੀ ਸਮਾਂ ਕਿਉਂ ਨਾ ਹੋਵੇ। ਦਾਅਵਾ ਦਾਇਰ ਕੀਤਾ ਗਿਆ ਹੈ, ਇਸ ਵਿੱਚ ਸੰਵਿਧਾਨ ਪ੍ਰੀਸ਼ਦ ਦੇ ਨਵੀਨੀਕਰਨ ਦੇ ਉਲਟਿਆਂ ਤੇ ਅਸੀਮਿਤ ਦਾਅਵੇ ਸ਼ਾਮਲ ਹੋ ਸਕਦੇ ਹਨ। ਅੰਡਰਪਾਈਨਿੰਗ ਧਾਰਕ ਪਿਰਾਮਿਡ ਡੇਜ਼ ਪ੍ਰੋਗਰਾਮ ਨਾਲ ਨਵੀਨੀਕਰਨ ਪ੍ਰੀਮੀਅਮ ਤੇ 30% ਤੱਕ ਦੀ ਛੋਟ ਪ੍ਰਾਪਤ ਕਰ ਸਕਦੇ ਹਨ। ਲਾਂਚ ਤੇ ਬੋਲਦੇ ਹੋਏ, ਕੇਅਰ ਹੈਲਥ ਇੰਸ਼ੋਰੈਂਸ ਦੇ ਹੈੱਡ-ਡਿਸਟਰੀਬਿਊਸ਼ਨ, ਅਜੈ ਸ਼ਾਹ ਨੇ ਕਿਹਾ, ਅੱਜ ਦੇ ਸਮੇਂ ਵਿੱਚ, ਮੈਮੋਰੀਅਲ ਇੱਕ ਮਜ਼ਬੂਤ ਅਤੇ ਵਿਆਪਕ ਵਿੱਤੀ ਸੁਰੱਖਿਆ ਪ੍ਰਾਪਤ ਕਰਨ ਬਾਰੇ ਹੈ ਜੋ ਅਚਾਨਕ ਡਾਕਟਰੀ ਐਮਰਜੈਂਸੀ ਦੀ ਸਥਿਤੀ ਵਿੱਚ ਕੰਮ ਆਉਂਦੀ ਹੈ। ਇਸ ਲਈ, ਉਨ੍ਹਾਂ ਨੂੰ ਸਿਹਤ ਅਤੇ ਤੰਦਰੁਸਤੀ ਪ੍ਰਤੀ ਇੱਕ ਸਰਗਰਮ ਪਹੁੰਚ ਅਪਣਾਉਣ ਲਈ ਵੀ ਪ੍ਰੇਰਿਤ ਕਰੋ।

# ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਨੇ ਸ਼ਹਿਰ ਦੀਆਂ ਚਾਰ ਮੁੱਖ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ

ਅੰਮ੍ਰਿਤਸਰ, (ਲੋਕ ਬਾਣੀ)- ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਨੇ ਅੱਜ ਸ਼ਹਿਰ ਦੀਆਂ ਚਾਰ ਮੁੱਖ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ। ਇਸ ਸਬੰਧੀ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਟ੍ਰੈਫਿਕ ਪੁਲਿਸ ਦੇ ਏਡੀਸੀਪੀ ਹਰਪਾਲ ਸਿੰਘ ਰੰਧਾਵਾ ਅਤੇ ਨਿਗਮ ਅਸਟੇਟ ਅਫ਼ਸਰ ਧਰਮਿੰਦਰ ਜੀਤ ਸਿੰਘ ਨਾਲ ਮੀਟਿੰਗ ਕੀਤੀ। ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਕਬਜ਼ੇ ਹਟਾਉਣ ਲਈ ਪਹਿਲਾਂ ਲਾਰੈਂਸ ਰੋਡ, ਮਾਲ ਰੋਡ, ਮਜੀਠਾ ਰੋਡ ਅਤੇ ਹੈਰੀਟੇਜ ਸਟਰੀਟ ਸੜਕਾਂ ਦੀ ਚੋਣ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚਾਰ ਸੜਕਾਂ ਤੇ, ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਅਧਿਕਾਰੀ ਸਾਂਝੇ ਤੌਰ ਤੇ ਕਾਰਵਾਈ ਕਰਨਗੇ ਅਤੇ ਇੱਕ ਪਾਇਲਟ ਪ੍ਰੋਜੈਕਟ ਵਜੋਂ, ਗੈਰ-ਕਾਨੂੰਨੀ ਤੌਰ ਤੇ ਪਾਰਕ ਕੀਤੇ ਵਾਹਨਾਂ ਅਤੇ ਲੋਕਾਂ ਦੁਆਰਾ ਆਪਣੇ ਸ਼ੋਅਰੂਮਾਂ ਅਤੇ ਦੁਕਾਨਾਂ ਦੇ ਬਾਹਰ ਕੀਤੇ ਗਏ ਕਬਜ਼ਿਆਂ ਨੂੰ ਹਟਾ ਦੇਣਗੇ।
ਨਿਗਮ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਚਾਰ



ਸੜਕਾਂ ਤੇ ਕੰਮ ਅੱਜ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਟ੍ਰੈਫਿਕ ਪੁਲਿਸ ਦੇ ਏਡੀਸੀਪੀ ਹਰਪਾਲ ਸਿੰਘ ਰੰਧਾਵਾ, ਟ੍ਰੈਫਿਕ ਪੁਲਿਸ ਅਧਿਕਾਰੀ ਅਤੇ ਨਗਰ ਨਿਗਮ ਦੇ ਅਸਟੇਟ ਵਿਭਾਗ ਦੇ ਅਧਿਕਾਰੀ ਚਾਰੇ ਸੜਕਾਂ ਤੇ ਗੈਰ-ਕਾਨੂੰਨੀ ਪਾਰਕਿੰਗ ਅਤੇ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਨੂੰ ਸਪੀਕਰਾਂ ਰਾਹੀਂ ਚੇਤਾਵਨੀਆਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਸਾਰਾ ਦਿਨ ਲੋਕਾਂ ਨੂੰ ਚੇਤਾਵਨੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਕੱਲ੍ਹ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਸ਼ੋਅਰੂਮਾਂ ਅਤੇ ਦੁਕਾਨਾਂ ਦੇ ਬਾਹਰ ਗੈਰ-ਕਾਨੂੰਨੀ ਤੌਰ ਤੇ ਕੀਤੇ ਗਏ ਸਾਮਾਨ ਨੂੰ ਜ਼ਬਤ ਕਰੇਗਾ। ਜ਼ਬਤ ਕੀਤੀਆਂ ਗਈਆਂ ਚੀਜ਼ਾਂ ਛੱਡੀਆਂ ਨਹੀਂ ਜਾਣਗੀਆਂ। ਏਡੀਸੀਪੀ ਟ੍ਰੈਫਿਕ ਹਰਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਗੈਰ-ਕਾਨੂੰਨੀ ਪਾਰਕਿੰਗ ਅਤੇ ਗੈਰ-ਕਾਨੂੰਨੀ ਕਬਜ਼ਿਆਂ ਦਾ ਟ੍ਰੈਫਿਕ ਵਿਵਸਥਾ ਤੇ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਅਤੇ ਟ੍ਰੈਫਿਕ ਪੁਲਿਸ ਵੱਲੋਂ ਇਹ ਮੁਹਿੰਮ ਲਗਾਤਾਰ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਸਾਂਝੇ ਤੌਰ ਤੇ ਕੰਮ ਕਰਕੇ ਲੋਕਾਂ ਨੂੰ ਸਪੀਕਰਾਂ ਰਾਹੀਂ ਚੇਤਾਵਨੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਕੱਲ੍ਹ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਢੰਗ ਨਾਲ ਪਾਰਕ ਕੀਤੇ ਵਾਹਨਾਂ ਦਾ ਪਤਾ ਲਗਾਇਆ ਜਾਵੇਗਾ ਅਤੇ ਚਲਾਨ ਕੀਤੇ ਜਾਣਗੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨ ਗੈਰ-ਕਾਨੂੰਨੀ ਢੰਗ ਨਾਲ ਨਾ ਪਾਰਕ ਕਰਨ।

# ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਵੱਲੋਂ ਕੇਂਦਰੀ ਮੰਤਰੀ ਦੇ ਨਾਂ ਤੇ ਮੰਗ ਪੱਤਰ ਸੌਂਪਿਆ



ਸ਼ੇਰਪੁਰ, (ਲੋਕ ਬਾਣੀ) - ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਅਤੇ ਸੂਬਾ ਸਕੱਤਰ ਹਰਪ੍ਰੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਸ਼ੇਰਪੁਰ ਦੇ ਪ੍ਰਧਾਨ ਪਰਮਜੀਤ ਕੌਰ ਖੇੜੀ ਦੀ ਅਗਵਾਈ ਹੇਠ ਆਂਗਣਵਾੜੀ ਵਰਕਰ ਮਮਤਾ ਰਾਣੀ , ਕੁਲਵਿੰਦਰ ਕੌਰ ਵੱਲੋਂ ਸੀਡੀਪੀਓ ਦਫਤਰ ਸ਼ੇਰਪੁਰ ( ਘਨੌਰੀ ਕਲਾਂ ) ਵਿਖੇ ਸੁਪਰਵਾਈਜ਼ਰ ਜਸਪਾਲ ਕੌਰ ਨੂੰ ਕੇਂਦਰੀ ਮੰਤਰੀ ਸ਼੍ਰੀਮਤੀ ਅੰਨਪੂਰਨਾ ਦੇਵੀ ਜੀ ਦੇ ਨਾਮ ਤੇ ਮੰਗ ਪੱਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ ਅਤੇ ਜ਼ਿਲਾਂ ਪ੍ਰੋਗਰਾਮ ਅਫਸਰ ਰਾਹੀਂ ਭੇਜੇ ਗਏ। ਇਸ ਮੌਕੇ ਤੇ ਬਲਾਕ ਪ੍ਰਧਾਨ ਮੈਡਮ ਪਰਮਜੀਤ ਕੌਰ ਨੇ ਦੱਸਿਆ ਕਿ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਹੈ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਿਊਨਤਮ ਵੇਜਸ ਦੇ ਅਧਾਰ ਤੇ ਵੇਤਨਮਾਨ ਦਿੱਤਾ ਜਾਵੇ ਵਰਕਰ ਤੇ ਹੈਲਪਰ ਨੂੰ ਸਰਕਾਰੀ ਕਰਮਚਾਰੀ ਦਾ ਦਰਜਾ ਦਿੱਤਾ ਜਾਵੇ ਜਿਵੇਂ ਕਿ ਗੁਜਰਾਤ ਹਾਈਕੋਰਟ ਨੇ ਪਿਛਲੇ ਦਿਨੀ 2024 ਵਿੱਚ ਫੈਸਲਾ ਦਿੱਤਾ ਸੀ ਕਿ ਆਂਗੜਵਾੜੀ ਵਰਕਰ ਤੇ ਹੈਲਪਰ ਨੂੰ ਸਰਕਾਰੀ ਕਰਮਚਾਰੀ ਮੰਨਿਆ ਜਾਵੇ ਤੇ ਇਸ ਫੈਸਲੇ ਨੂੰ ਪੂਰੇ ਦੇਸ਼ ਵਿੱਚ ਕੇਂਦਰ ਸਰਕਾਰ ਵੱਲੋਂ ਲਾਗੂ ਕੀਤਾ ਜਾਵੇ। 2022 ਵਿੱਚ ਸੁਪਰੀਮ ਕੋਰਟ ਦੇ ਫੈਸਲੇ ਨੂੰ ਲਾਗੂ ਕਰਕੇ ਵਰਕਰ ਅਤੇ ਹੈਲਪਰ ਲਈ ਗ੍ਰੈਚੂਟੀ ਦਾ ਪ੍ਰਬੰਧ ਕੀਤਾ ਜਾਵੇ । ਇੱਕ ਸਰਕਾਰੀ ਮੁਲਾਜ਼ਮ ਦੀ ਤਰ੍ਹਾਂ ਟੀ ਏ, ਡੀ ਏ ਪੈਨਸ਼ਨ ਦਾ ਪ੍ਰਬੰਧ ਕਰਕੇ ਸਾਰੇ ਸਰਕਾਰੀ ਲਾਭ ਦਿੱਤੇ ਜਾਣ । ਜਿੰਨੀ ਦੇਰ ਤੱਕ ਇਹ ਸੰਭਵ ਨਹੀਂ ਹੋ ਸਕਦਾ ਉਨੀ ਦੇਰ ਤੱਕ ਆਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਮਾਣ ਭੱਤੇ ਵਿੱਚ ਮਹਿੰਗਾਈ ਅਨੁਸਾਰ ਢੁਕਵਾਂ ਵਾਧਾ ਕੀਤਾ ਜਾਵੇ ਜੋ ਕਿ 2018 ਵਿੱਚ 1500 ਦਾ ਵਾਅਦਾ ਕਰਨ ਤੋਂ ਬਾਅਦ ਹੁਣ ਤੱਕ ਆਂਗਣਵਾੜੀ ਵਰਕਰ ਅਤੇ ਹੈਲਪਰਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਬਲਾਕ ਆਗੂ ਨੇ ਦੱਸਿਆ ਕਿ ਇਸ ਮੌਕੇ ਮਮਤਾ ਰਾਣੀ, ਜਗਜੀਤ ਕੌਰ, ਕੁਲਵਿੰਦਰ ਕੌਰ, ਸੁਖਵੀਰ ਕੌਰ ,ਪਰਮਜੀਤ ਕੌਰ , ਅਮਰਪ੍ਰੀਤ ਕੌਰ, ਰਾਜਵੀਰ ਕੌਰ , ਕਮਲਜੀਤ ਕੌਰ ਤੋਂ ਇਲਾਵਾ ਹੋਰ ਵੀ ਵਰਕਰ ਅਤੇ ਹੈਲਪਰ ਸਾਥੀ ਮੌਜੂਦ ਸਨ।

# ਪਿੰਡ ਸਕੱਤਰਾ ਵਿਖੇ ਸ਼੍ਰੀ ਗੁਰੂ ਅਮਰਦਾਸ ਜੀ ਦਾ ਵਿਆਹ ਪੁਰਬ ਅੱਜ -ਕੋਚ ਪ੍ਰਤਾਪ ਸਿੰਘ

ਸ੍ਰੀ ਅੰਮ੍ਰਿਤਸਰ ਸਾਹਿਬ (ਲੋਕ ਬਾਣੀ) ਭਾਰਤ ਪਾਕਿ ਸਰਹੱਦ ਦੇ ਕੰਢੇ ਤੇ ਵੱਸਦੇ ਸ਼ਹਿਰ (ਖੇਮਕਰਨ) ਦੇ ਨਜ਼ਦੀਕ ਪਿੰਡ ਕਾਲੀਆ ਸਕੱਤਰਾ ਵਿਖੇ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ ਅਤੇ ਮਾਤਾ ਮਨਸਾ ਦੇਵੀ ਜੀ ਦਾ ਵਿਆਹ ਪੁਰਬ ਹਰ ਸਾਲ ਦੀ ਤਰ੍ਹਾਂ ਮਿਤੀ 23,24 ਜਨਵਰੀ ਨੂੰ ਨਗਰ ਪਿੰਡ ਕਾਲੀਆ, ਸਕੱਤਰਾ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਸਾਬਕਾ ਫੌਜੀ ਕੋਚ ਪ੍ਰਤਾਪ ਸਿੰਘ ਨੇ ਦੱਸਿਆ ਕਿ ਮਿਤੀ 24 ਜਨਵਰੀ ਨੂੰ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਅਸਥਾਨ ਪਿੰਡ ਬਾਸਰਕੇ ਗਿੱਲਾਂ ਤੋਂ ਬਰਾਤ ਦੇ ਰੂਪ ਵਿੱਚ ਵਿਸ਼ਾਲ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ 8 ਵਜੇ ਗੁਰੂ ਜੀ ਦੇ ਮਹਿਲ ਮਾਤਾ ਮਨਸਾ ਦੇਵੀ ਜੀ ਦੇ ਨਗਰ ਪਿੰਡ ਕਾਲੀਆ/ਸਕੱਤਰਾ ਵਿਖੇ ਪਹੁੰਚੇਗਾ। ਜਿੱਥੇ ਨਗਰ ਕੀਰਤਨ ਚ ਬਰਾਤ ਰੂਪੀ ਪਹੁੰਚੀਆਂ ਸੰਗਤਾਂ ਦਾ ਨਗਰ ਨਿਵਾਸੀ ਸੰਗਤਾਂ ਵੱਲੋਂ ਵੱਡੇ ਪੱਧਰ ਤੇ ਸਵਾਗਤ ਕੀਤਾ ਜਾਂਦਾ ਹੈ। ਇਸ ਅਸਥਾਨ ਦੀ ਕਾਰ ਸੇਵਾ ਵੀ ਗੁਰੂ ਕੀ ਬਾਗ ਵਾਲੇ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਜੀ ਵੱਲੋਂ ਕਰਵਾਈ ਜਾ ਰਹੀ ਹੈ। ਵਿਆਹ ਪੁਰਬ ਦੌਰਾਨ ਬਾਬਾ ਸਤਨਾਮ ਸਿੰਘ ਜੀ ਗੁਰੂ ਕੇ ਬਾਗ ਵਾਲੇ ਪੂਰਨ ਸਹਿਯੋਗ ਕਰਦੇ ਹਨ ਅਤੇ ਗੁਰੂ ਘਰ ਦੀ ਸੇਵਾਵਾਂ ਵੀ ਮਹਾਂਪੁਰਸ਼ ਹੀ ਚਲੇ ਰਹੇ ਹਨ, ਵਿਆਹ ਪੁਰਬ/ਜੋੜ ਮੇਲੇ ਦੌਰਾਨ ਵਿਸ਼ੇਸ਼ ਤੌਰ ਤੇ ਰਾਗੀ, ਢਾਡੀ, ਕਵੀਸ਼ਰੀ ਜਥੇ ਅਤੇ ਕਥਾ ਵਾਚਕ ਸਾਹਿਬਾਨ ਆਈਆਂ ਸੰਗਤਾਂ ਨੂੰ ਹਰ ਜਸ ਸੁਣਾ ਕੇ ਨਿਹਾਲ ਕਰਨਗੇ, ਇਸ ਅਸਥਾਨ ਤੇ ਹਰ ਐਤਵਾਰ ਨੂੰ ਸ਼ਾਮ 4 ਵਜੇ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕੀਤੇ ਜਾਂਦੇ ਹਨ, ਅਤੇ ਹਰ ਮਹੀਨੇ ਮੱਸਿਆ ਦਾ ਦਿਹਾੜਾ ਵੀ ਮਨਾਇਆ ਜਾਂਦਾ ਹੈ ਜਿੱਥੇ



ਦੂਰ ਨੇੜਿਓ ਸੰਗਤਾਂ ਹਾਜ਼ਰ ਹੋ ਕੇ ਸਰੋਵਰ ਵਿੱਚ ਇਸ਼ਨਾਨ ਕਰਕੇ ਸਰੀਰਕ ਤੰਦਰੁਸਤੀ ਦੀ ਅਰਦਾਸ ਕਰਦੀਆਂ ਹਨ, ਇਸੇ ਅਸਥਾਨ ਤੇ ਸ੍ਰੀ ਗੁਰੂ ਅਮਰਦਾਸ ਜੀ ਦੀ ਕਿਰਪਾ ਨਾਲ ਇਸ਼ਨਾਨ ਕਰਨ ਨਾਲ ਚਮੜੀ ਦੇ ਰੋਗ ਦੂਰ ਹੁੰਦੇ 25 ਜਨਵਰੀ ਨੂੰ ਸ਼ਾਮ ਵੱਖ-ਵੱਖ ਟੀਮਾਂ ਵਿਚਕਾਰ ਕਬੱਡੀ ਦਾ ਫਸਵਾ ਮੈਚ ਵੀ ਹੋਵੇਗਾ, ਅਖੀਰ ਚ ਕੋਚ ਪ੍ਰਤਾਪ ਸਿੰਘ ਸਕੱਤਰਾ ਨੇ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਪਰਿਵਾਰਾਂ ਸਮੇਤ ਹਾਜ਼ਰੀਆਂ ਭਰਨ ਅਤੇ ਚੱਲ ਰਹੀ ਕਾਰ ਸੇਵਾ ਚ ਤਨ,ਮਨ, ਧਨ ਨਾਲ ਸੇਵਾਵਾਂ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਸਮੂਹ ਪ੍ਰਬੰਧਕ ਅਤੇ ਸੰਗਤਾਂ ਹਾਜ਼ਰ ਸਨ।

# 25 ਜਨਵਰੀ ਨੂੰ ਮਨਾਇਆ ਜਾਵੇਗਾ ਰਾਸ਼ਟਰੀ ਵੋਟਰ ਦਿਵਸ

ਜਲੰਧਰ, (ਲੋਕ ਬਾਣੀ) : ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 25 ਜਨਵਰੀ ਨੂੰ ਜ਼ਿਲ੍ਹਾ ਪੱਧਰ ਅਤੇ ਪੋਲਿੰਗ ਬੂਥ ਪੱਧਰ ’ਤੇ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪੱਧਰੀ ਸਮਾਰੋਹ ਸਥਾਨਕ ਹੰਸ ਰਾਜ ਮਹਿਲਾ ਮਹਾਂ ਵਿਦਿਆਲਿਆ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।
ਚੋਣ ਤਹਿਸੀਲਦਾਰ ਸੁਖਵੇਦ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਰੋਹ ਦੌਰਾਨ ਵੋਟਰ ਸੂਚੀ ਦੀ ਵਿਸ਼ੇਸ਼ ਸਰਸਰੀ ਸੁਧਾਈ-2025 ਦੌਰਾਨ ਸ਼ਾਨਦਾਰ ਕਾਰਗੁਜ਼ਾਰੀ ਵਾਲੇ ਈ.ਆਰ.ਓ./ਏ.ਈ.ਆਰ.ਓ, ਬੀ.ਐਲ.ਓ, ਸੁਪਰਵਾਈਜ਼ਰ ਅਤੇ ਹੋਰ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ ਅਤੇ ਵਿਸ਼ੇਸ਼ ਸਰਸਰੀ ਸੁਧਾਈ-2025 ਦੌਰਾਨ ਰਜਿਸਟਰ ਹੋਣ ਵਾਲੇ ਟਰਾਂਸਜੈਂਡਰਾਂ/ਮਾਈਗਰੈਂਟਸ ਨੂੰ ਵੋਟਰ ਕਾਰਡਾਂ ਦੀ ਵੰਡ ਕੀਤੀ ਜਾਵੇਗੀ।
ਇਸ ਤੋਂ ਇਲਾਵਾ ਇਸ ਮੌਕੇ ਨਵੇਂ ਰਜਿਸਟਰ ਹੋਏ ਵੋਟਰਾਂ ਨੂੰ ਸਨਮਾਨਿਤ ਕਰਨ ਤੋਂ ਇਲਾਵਾ ਹਾਜ਼ਰ ਸਾਰੇ ਵੋਟਰਾਂ ਨੂੰ ਰਾਸ਼ਟਰੀ ਵੋਟਰ ਦਿਵਸ ਮੌਕੇ ਵੋਟਰ ਪ੍ਰਣ ਵੀ ਕਰਵਾਇਆ ਜਾਵੇਗਾ ।
ਇਸ ਸਮਾਰੋਹ ਦੌਰਾਨ ਜ਼ਿਲ੍ਹੇ ਵਿੱਚ ਰਾਸ਼ਟਰੀ ਵੋਟਰ ਦਿਵਸ ਨਾਲ ਸਬੰਧਤ ਵਿਦਿਆਰਥੀਆਂ ਦਰਮਿਆਨ ਹੋਏ ਰੰਗੋਲੀ/ਭਾਸ਼ਣ/ ਡੀਬੇਟ ਆਦਿ ਮੁਕਾਬਲਿਆਂ ਦੇ ਜੇਤੂਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।

# ਸਰਹੱਦੀ ਇਲਾਕੇ ਵਿੱਚ ਕਾਲਜ ਬਣਾਉਣ ਲਈ ਧਾਲੀਵਾਲ ਅਤੇ ਡਿਪਟੀ ਕਮਿਸ਼ਨਰ ਵੱਲੋਂ ਬਿਕਰਾਊਰ ਪਿੰਡ ਦਾ ਦੌਰਾ



ਅੰਮ੍ਰਿਤਸਰ(ਲੋਕ ਬਾਣੀ) ਭਾਰਤ ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦੀ ਖੇਤਰ ਦੇ ਪਿੰਡ ਬਿਕਰਾਊਰ ਵਿਖੇ ਡਿਗਰੀ ਕਾਲਜ ਬਣਾਉਣ ਲਈ ਅੱਜ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਅਤੇ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਵੱਲੋਂ ਸਥਾਨ ਦਾ ਦੌਰਾ ਕਰਕੇ ਸੰਭਾਵਨਾਵਾਂ ਦਾ ਪਤਾ ਲਗਾਇਆ ਗਿਆ। ਇਸ ਮੌਕੇ ਉਕਤ ਦੋਵਾਂ ਸ਼ਖਸ਼ੀਅਤਾਂ ਵੱਲੋਂ ਪੰਚਾਇਤ ਅਤੇ ਪਿੰਡ ਵਾਸੀਆਂ ਨਾਲ ਮੀਟਿੰਗ ਵੀ ਕੀਤੀ ਗਈ। ਪਿੰਡ ਦੀ ਪੰਚਾਇਤ ਨੇ ਇਸ ਨੇਕ ਕਾਰਜ ਲਈ ਪੰਜਾਬ ਸਰਕਾਰ ਦੀ ਸਰਾਹਨਾ ਕਰਦੇ ਹੋਏ ਪਿੰਡ ਵੱਲੋਂ ਕਾਲਜ ਬਣਾਉਣ ਲਈ ਪੰਚਾਇਤੀ ਜਮੀਨ ਦੇਣ ਦਾ ਐਲਾਨ ਵੀ ਕੀਤਾ।

ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦੇ ਹੋਏ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸਾਡਾ ਇਹ ਸਰਹੱਦੀ ਇਲਾਕਾ ਆਜ਼ਾਦੀ ਦੀ ਵੰਡ ਤੋਂ ਲੈ ਕੇ ਪਛੜਿਆ ਹੋਇਆ ਹੈ। ਇਹਨਾਂ ਲੋਕਾਂ ਨੇ ਜਿਹੜੀ ਵੀ ਸਰਕਾਰ ਪੰਜਾਬ ਵਿੱਚ ਬਣੀ , ਸਾਰਿਆਂ ਕੋਲ ਇਸ ਇਲਾਕੇ ਵਿੱਚ ਸਿੱਖਿਆ ਅਤੇ ਸਿਹਤ ਸਹੂਲਤਾਂ ਦੇਣ ਲਈ ਕਈ ਵਾਰ ਮੰਗ ਉਠਾਈ ਪਰ ਕਿਸੇ ਨੇ ਗੱਲ ਨਹੀਂ ਸੁਣੀ। ਹੁਣ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਇਸ ਇਲਾਕੇ ਨੂੰ ਸਮੇਂ ਦਾ ਹਾਣੀ ਬਣਾਉਣ ਦਾ ਬੀੜਾ ਚੁੱਕਿਆ ਗਿਆ ਹੈ ਅਤੇ ਇਸ ਦਾ ਪਹਿਲਾ ਕਦਮ ਸਿੱਖਿਆ ਸੁਧਾਰ ਹਨ, ਜਿਸ ਲਈ ਅਸੀਂ ਇਹਨਾਂ ਬੱਚਿਆਂ ਦੀ ਉੱਚ ਵਿਦਿਆ ਲਈ ਇੱਥੇ ਕਾਲਜ ਖੋਲਣ ਦਾ ਫੈਸਲਾ ਕੀਤਾ ਹੈ। ਉਹਨਾਂ ਦੱਸਿਆ ਕਿ ਅੱਜ ਅਸੀਂ ਇਸ ਕਾਲਜ ਲਈ ਜਮੀਨ ਵੇਖਣ ਵਾਸਤੇ ਆਏ ਹਾਂ । ਸ ਧਾਲੀਵਾਲ ਨੇ ਦੱਸਿਆ ਕਿ ਇਹ ਥਾਂ ਭਾਰਤ ਪਾਕਿਸਤਾਨ ਸਰਹੱਦ ਤੋਂ ਕੇਵਲ ਤਿੰਨ ਕਿਲੋਮੀਟਰ ਦੀ ਦੂਰੀ ਉੱਤੇ ਹੈ ਅਤੇ ਇੱਥੋਂ ਦੇ ਲੋਕ ਬਹੁਤ ਹੀ ਮਿਹਨਤੀ ਅਤੇ ਕਿਰਤੀ ਹਨ। ਉਹਨਾਂ ਕਿਹਾ ਕਿ ਇਹਨਾਂ ਦੇ ਬੱਚਿਆਂ ਨੂੰ ਉੱਚ ਸਿੱਖਿਆ ਦੇ ਕੇ ਸਮੇਂ ਦੇ ਨਾਲ ਤੋਰਨਾ ਸਾਡੀ ਤਰਜੀਹ ਹੈ ਅਤੇ ਸਾਡੀ ਕੋਸ਼ਿਸ਼ ਹੈ ਕਿ ਅਸੀਂ ਛੇਤੀ ਹੀ ਇਸ ਕਾਲਜ ਦਾ ਪ੍ਰੋਜੈਕਟ ਪ੍ਰਵਾਨ ਕਰਕੇ ਇਥੇ ਕਾਲਜ ਦੀ ਉਸਾਰੀ ਸ਼ੁਰੂ ਕਰਾਂਗੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਇਸ ਸਰਹੱਦੀ ਪੱਟੀ ਦੇ ਪਿੰਡਾਂ ਨੂੰ ਦੇਸ਼ ਦੇ ਆਖਰੀ ਪਿੰਡ ਨਹੀਂ ਬਲਕਿ ਦੇਸ਼ ਦੇ ਪਹਿਲੇ ਪਿੰਡਾਂ ਵਜੋਂ ਸੰਬੋਧਿਤ ਕਰਦੇ ਹਨ ਅਤੇ ਇਸ ਲਈ ਸਾਡੀ ਕੋਸ਼ਿਸ਼ ਹੈ ਕਿ ਦੇਸ਼ ਦੇ ਇੰਨਾ ਪਹਿਲੇ ਪਿੰਡਾਂ ਨੂੰ ਤਰੱਕੀ ਦੇ ਰਾਹ ਉੱਤੇ ਤੋਰੀਏ। ਉਹਨਾਂ ਦੱਸਿਆ ਕਿ ਅਸੀਂ ਅੱਜ ਇਸ ਲਈ ਸਥਾਨ ਵੇਖਿਆ ਹੈ ਤੇ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ ਹੈ ਅਤੇ ਹੁਣ ਅਸੀਂ ਇਸ ਦਾ ਪ੍ਰੋਜੈਕਟ ਸਰਕਾਰ ਨੂੰ ਭੇਜ ਕੇ ਛੇਤੀ ਹੀ ਇਸਨੂੰ ਪ੍ਰਵਾਨ ਕਰਾ ਕੇ ਇਥੇ ਕਾਲਜ ਦੀ ਉਸਾਰੀ ਸ਼ੁਰੂ ਕਰ ਲਵਾਂਗੇ। ਉਹਨਾਂ ਨੇ ਪਿੰਡ ਵਾਸੀਆਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਵੀ ਕੀਤਾ।

ਇਸ ਮੌਕੇ ਐਸ:ਡੀ:ਐਮ ਅਜਨਾਲਾ ਸ੍ਰ ਰਵਿੰਦਰ ਸਿੰਘ ਅਰੋੜਾ ਅਤੇ ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਸੰਦੀਪ ਮਲਹੋਤਰਾ ਤੋਂ ਇਲਾਵਾ ਪਿੰਡ ਵਾਸੀ ਵੀ ਹਾਜਰ ਸਨ।

# ਲੁੱਟ-ਖੋਹ ਕਰਨ ਵਾਲਿਆਂ ਨੂੰ ਬਖਸ਼ਿਆਂ ਨਹੀਂ ਜਾਵੇਗਾ-ਧਾਲੀਵਾਲ

ਅੰਮ੍ਰਿਤਸਰ, (ਲੋਕ ਬਾਣੀ)

ਪਿਛਲੇ ਦਿਨੀਂ ਸੁਨਿਆਰੇ ਦੀ ਦੁਕਾਨ ਤੇ ਹੋਈ ਲੁੱਟ ਸਬੰਧੀ ਕੈਬਨਿਟ ਮੰਤਰੀ ਸ੍ਰ ਕੁਲਦੀਪ ਸਿੰਘ ਧਾਲੀਵਾਲ ਪੀੜਤ ਵਿਅਕਤੀ ਦੀ ਦੁਕਾਨ ਤੇ ਪਹੁੰਚੇ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮਾਨ ਸਰਕਾਰ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕਿਸਮ ਤੇ ਸਿਰ ਨਹੀਂ ਚੁੱਕਣ ਦੇਵੇਗੀ ਅਤੇ ਇਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।



ਸ੍ਰ ਧਾਲੀਵਾਲ ਨੇ ਕਿਹਾ ਕਿ ਲੁੱਟ ਖੋਹ ਕਰਨ ਵਾਲਿਆਂ ਨੂੰ ਕਿਸੇ ਵੀ ਕਿਸਮ ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਪੰਜਾਬ ਪੁਲਿਸ ਪੂਰੀ ਤਰ੍ਹਾਂ ਸਮਾਜ ਵਿਰੋਧੀ ਅਨੁਸਾਰਾਂ ਨਾਲ ਨਜਿੱਠਣ ਲਈ ਚੌਕਸ ਹੈ। ਉਨ੍ਹਾਂ ਪੁਲਿਸ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਪੁਲਿਸ ਨੇ ਚਾਰ ਦਿਨਾਂ ਦੇ ਅੰਦਰ ਹੀ ਲੁਟੇਰਿਆਂ ਨੂੰ ਕਾਬੂ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਸੁਨਿਆਰੇ ਦੀ ਦੁਕਾਨ ਤੇ ਲੁੱਟ ਕਰਨ ਵਾਲਿਆਂ ਤੋਂ ਸਮਾਨ ਵੀ ਬਰਾਮਦ ਕਰ ਲਿਆ ਗਿਆ ਹੈ ਅਤੇ ਕਾਨੂੰਨੀ ਕਾਰਵਾਈ ਕਰਨ ਉਪਰੰਤ ਸਬੰਧਤ ਦੁਕਾਨਦਾਰ ਦੇ ਸਪੁਰਦ ਕਰ ਦਿੱਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਅਤੇ ਬਟਾਲਾ ਦੀ ਪੁਲਿਸ ਨੇ ਪੂਰੀ ਮੁਸਤੈਦੀ ਨਾਲ ਇਨ੍ਹਾਂ ਲੁਟੇਰਿਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੁਕਾਨਦਾਰਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਪੁਲਿਸ ਦੀ ਗਸ਼ਤ ਨੂੰ ਹੋਰ ਵਧਾਇਆ ਜਾਵੇਗਾ ਅਤੇ ਸਮਾਜ ਵਿਰੋਧੀ ਅਨਸਰਾਂ ਤੇ ਸਖਤ ਨਜਰ ਰੱਖੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਕੁਝ ਸਮਾਂ ਪਹਿਲਾਂ ਵੀ ਅਜਨਾਲਾ ਵਿਖੇ ਲੁੱਟ ਹੋਈ, ਉਸ ਦੇ ਲੁੱਟ ਦੇ ਮੁਲਜਮਾਂ ਨੂੰ ਵੀ ਕਾਬੂ ਕਰ ਲਿਆ ਸੀ। ਉਨ੍ਹਾਂ ਦੱਸਿਆ ਕਿ ਇਹ ਮੁਲਜਮ ਨਸ਼ੇੜੀ ਕਿਸਮ ਦੇ ਲੋਕ ਹਨ।

ਸੁਨਿਆਰੇ ਦੁਕਾਨ ਦੇ ਮਾਲਕ ਕੁਲਦੀਪ ਸਿੰਘ ਦੀਪਕ ਜਿਊਲਰ ਨੇ ਕੈਬਨਿਟ ਮੰਤਰੀ ਸ੍ਰ ਕੁਲਦੀਪ ਸਿੰਘ ਧਾਲੀਵਾਲ ਅਤੇ ਪੁਲਿਸ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਲਿਸ ਨੇ ਪੂਰੀ ਮੁਸਤੈਦੀ ਨਾਲ ਇਨ੍ਹਾਂ ਲੁਟੇਰਿਆਂ ਨੂੰ ਕਾਬੂ ਕੀਤਾ ਹੈ। ਉਨ੍ਹਾਂ ਸ੍ਰ ਧਾਲੀਵਾਲ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਮੇਰੀ ਦੁਕਾਨ ਦੀ ਲੁੱਟ ਤੋਂ ਬਾਅਦ ਲਗਾਤਾਰ ਮੇਰੇ ਸੰਪਰਕ ਵਿੱਚ ਰਹੇ ਹਨ ਅਤੇ ਮੇਰੀ ਹੌਸਲਾ ਅਫਜਾਈ ਕੀਤੀ ਹੈ ਕਿ ਤੁਹਾਡਾ ਸਮਾਨ ਵਾਪਸ ਦਿਵਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਡੀ:ਐਸ:ਪੀ:ਅਜਨਾਲਾ ਸ੍ਰ ਗੁਰਵਿੰਦਰ ਸਿੰਘ ਵੀ ਹਾਜਰ ਸਨ।

## ,*ਆ ਗਈ ਬਸੰਤ ਰੁੱਤ*,,,,

ਪੱਤਝੜ ਲੰਘੀ ਰੁੱਤ ਆਈ ਆ
ਬਹਾਰਾਂ ਦੀ,
ਰਾਗ ਇਲਾਹੀ ਕੋਈ ਛੇੜ ਦੀਆਂ
ਤਾਰਾਂ ਦੀ।
ਕੁਦਰਤ ਰਾਣੀ ਨੇ ਵੀ ਭਰੀ
ਅੰਗੜਾਈ ਏ,
ਕਿੰਨੀ ਸੋਹਣੀ ਰੁੱਤ ਇਹ ਬਸੰਤ
ਦੀ ਆਈ ਏ।
ਪੌਣਾਂ ਚ ਸੁਗੰਧੀਆਂ ਫੁੱਲਾਂ ਨੇ
ਬਿਖੇਰੀਆਂ,
ਰਸ ਨਾਲ ਭਰੀਆਂ ਗੰਨੇ ਦੀਆਂ
ਗਨੇਰੀਆਂ।
ਤਿੱਤਲੀਆਂ ਤੇ ਭੌਰੇ ਹੋਏ ਫਿਰਦੇ
ਸ਼ੁਦਾਈ ਏ,
ਕਿੰਨੀ ਸੋਹਣੀ ਰੁੱਤ,,,,,,,,,,,
ਬਾਗਾਂ ਵਿੱਚ ਫੁੱਲ ਟਾਹਣੀਆਂ ਤੇ
ਟਹਿਕਦੇ,
ਪੰਛੀ ਵੀ ਵੇਖੋ ਕਿੰਝ ਬ੍ਰਿਛਾਂ ਤੇ
ਚਹਿਕਦੇ।
ਧੁੰਦ ਵਿੱਚੋਂ ਕਿਰਨ ਜਦ ਸੂਰਜ
ਦਿਖਾਈ ਏ,
ਕਿੰਨੀ ਸੋਹਣੀ ਰੁੱਤ.........
ਪੀਲੇ ਫੁੱਲ ਸਰੋਆਂ ਨੂੰ ਕਿੰਨੇ ਸੋਹਣੇ
ਲੱਗਦੇ,
ਜਿਉਂ ਰਾਤ ਹਨੇਰੀ ਵਿੱਚ ਤਾਰੇ
ਹੋਣ ਜਗਦੇ।
ਹਰਿਆਲੀ ਨੇ ਖੇਤਾਂ ਵਿੱਚ ਚਾਦਰ
ਵਿਛਾਈ ਏ,
ਕਿੰਨੀ ਸੋਹਣੀ ਰੁੱਤ.........
ਪੱਤੋ, ਆਖੇ ਰੁੱਤਾਂ ਇਹ ਧਰਤੀ ਦਾ
ਸ਼ਿੰਗਾਰ ਨੇ,
ਸਾਲ ਵਿੱਚ ਆਉਂਦੀਆਂ ਇਹ
ਵਾਰ ਵਾਰ ਨੇ।
ਗੁਰੂਆਂ ਵੀ ਕੀਤੀ ਇਸ ਰੁੱਤ ਦੀ
ਵਡਿਆਈ ਏ,
ਕਿੰਨੀ ਸੋਹਣੀ ਰੁੱਤ ਇਹ ਬਸੰਤ
ਦੀ ਆਈ ਏ।

ਲੋਕ ਬਾਣੀ

**ਹਰਪ੍ਰੀਤ ਪੱਤੋ**
**ਪਿੰਡ ਪੱਤੋ ਹੀਰਾ ਸਿੰਘ ਮੋਗਾ**

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL 64 YEARS EXCELLENCE
SINCE 1958
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565